ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2318 | 19 December, 2025 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


# ਕੈਲੀਫੋਰਨੀਆ ਵਿੱਚ ਅਗਲੇ ਸਾਲ ਦੇ ਸ਼ੁਰੂ ਵਿੱਚ ਹਜਾਰਾਂ ਭਾਰਤੀ ਡਰਾਈਵਰਾਂ ਦੇ ਲਾਇਸੰਸ ਹੋ ਜਾਣਗੇ ਰੱਦ, ਪੰਜਾਬੀਆਂ ਦੀ ਟਰਾਂਸਪੋਰਟ ਸਨਅਤ ਭਾਰੀ ਦਬਾਅ ਹੇਠ

**ਸੈਕਰਾਮੈਂਟੋ**
**ਹੁਸਨ ਲੜੋਆ ਬੰਗਾ**

ਅਗਲੇ ਸਾਲ ਦੇ ਸ਼ੁਰੂ ਵਿੱਚ ਸਖਤ ਸੰਘੀ ਨਿਯਮਾਂ ਤਹਿਤ ਕੈਲੀਫੋਰਨੀਆ ਵਿੱਚ ਹਜਾਰਾਂ ਭਾਰਤੀ ਡਰਾਈਵਰਾਂ ਦੇ ਵਪਾਰਕ ਲਾਇਂਸਸ ਰੱਦ ਹੋ ਜਾਣਗੇ। ਇਨਾਂ ਵਿਚ ਵੱਡੀ ਗਿਣਤੀ ਪੰਜਾਬੀ ਡਰਾਈਵਰਾਂ ਦੀ ਹੈ। ਰਾਜ ਦੇ ਅਧਿਕਾਰੀਆਂ ਅਨੁਸਾਰ ਮੋਟੇ ਤੌਰ 'ਤੇ 17000 ਵਪਾਰਕ ਲਾਇਸੰਸ 6 ਜਨਵਰੀ 2026 ਨੂੰ ਰੱਦ ਹੋ ਜਾਣਗੇ। ਇਨਾਂ ਡਰਾਈਵਰਾਂ ਵਿੱਚ ਰਾਜਸੀ ਸ਼ਰਨ ਦੀ ਮੰਗ ਕਰਨ ਵਾਲੇ ਤੇ ਬਚਪਨ ਵਿੱਚ ਅਮਰੀਕਾ ਆਏ ਵਿਅਕਤੀ ਵੀ ਸ਼ਾਮਿਲ ਹਨ ਜਿਨਾਂ ਵਿਰੁੱਧ ਕਾਰਵਾਈ ਮੁਲਤਵੀ ਕਰ ਦਿੱਤੀ ਗਈ ਸੀ। ਅਧਿਕਾਰੀਆਂ ਅਨੁਸਾਰ ਇਨਾਂ ਡਰਾਈਵਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਕਿ ਉਨਾਂ ਦੇ ਕਲਾਸ ਏ ਲਾਇਸੰਸ ਰੱਦ ਕੀਤੇ ਜਾ ਰਹੇ ਹਨ। ਕੈਲੀਫੋਰਨੀਆ ਡਿਪਾਰਟਮੈਂਟ ਆਫ ਮੋਟਰ ਵਹੀਕਲਜ ਨੇ ਲਾਇਸੰਸ ਰੱਦ ਕੀਤੇ ਜਾਣ ਦੀ ਪੁਸ਼ਟੀ ਕਰਦਿਆਂ ਕਿਹਾ ਹੈ ਕਿ ਨਵੇਂ ਸੰਘੀ ਮਾਪਦੰਡਾਂ ਤਹਿਤ ਖਾਸ ਸ਼੍ਰੇਣੀ ਦੇ ਪਰਮਿਟ ਖਤਮ ਹੋ ਰਹੇ ਹਨ ਤੇ ਉਹ ਯੋਗ ਨਹੀਂ ਰਹਿਣਗੇ। ਡਰਾਈਵਰ ਜਿਨਾਂ ਨੂੰ ਇਹ ਨੋਟਿਸ ਮਿਲੇ ਹਨ, ਉਹ ਅਜੇ ਵੀ ਕਲਾਸ ਸੀ ਲਾਇਸੰਸ ਦੇ ਯੋਗ ਹੋਣਗੇ ਜਿਸ ਤਹਿਤ ਉਹ ਆਪਣੀ ਨਿੱਜੀ ਗੱਡੀ ਚਲਾ ਸਕਣਗੇ ਪਰੰਤੂ ਵਪਾਰਕ ਵਾਹਣ ਟੱਰਕ ਤੇ ਕਾਰ ਆਦਿ ਚਲਾਉਣ ਦੀ ਮਨਾਹੀ ਹੋਵੇਗੀ। ਇਸ ਤਬਦੀਲੀ ਕਾਰਨ ਭਾਰਤੀ ਡਰਾਈਵਰਾਂ ਦੀ ਰੋਜੀ ਰੋਟੀ ਦਾ ਸਵਾਲ ਖੜਾ ਹੋ ਗਿਆ ਹੈ ਕਿਉਂਕਿ ਇਨਾਂ ਵਿੱਚ ਬਹਾਤੇ ਡਰਾਈਵਰ ਪੜੇ ਲਿਖੇ ਨਹੀਂ ਹਨ ਤੇ ਉਨਾਂ ਲਈ ਹੋਰ ਕੰਮ ਕਰ ਸਕਣਾ ਮੁਸ਼ਕਿਲ ਹੀ ਨਹੀਂ ਬਲਕਿ ਅਸੰਭਵ ਹੈ। ਪੰਜਾਬੀਆਂ ਦੀ ਟਰਾਂਸਪੋਰਟ ਸਨਅਤ ਜੋ ਪਹਿਲਾਂ ਹੀ ਭਾਰੀ ਰਾਜਸੀ ਤੇ ਆਰਥਕ ਦਬਾਅ ਹੇਠ ਹੈ,ਨਵੇਂ ਸੰਘੀ ਮਾਪਦੰਡਾਂ ਕਾਰਨ ਹੋਰ ਦਬਾਅ ਹੇਠ ਆ ਜਾਵੇਗੀ। ਇਥੇ ਜਿਕਰਯੋਗ ਹੈ ਕਿ ਰਾਸ਼ਟਰਪਤੀ ਡੋਨਲਡ ਟਰੰਪ ਨੇ ਅਪ੍ਰੈਲ ਵਿੱਚ ਇੱਕ ਆਦੇਸ਼ ਜਾਰੀ ਕਰਕੇ ਏਜੰਸੀਆਂ ਨੂੰ ਵਪਾਰਕ ਟਰਾਂਸਪੋਰਟੇਸ਼ਨ ਤੇ ਇਮੀਗ੍ਰੇਸ਼ਨ ਨਿਯਮ ਸਖਤ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਸਨ। ਟਰਾਂਸਪੋਰਟੇਸ਼ਨ ਵਿਭਾਗ ਅਨੁਸਾਰ ਕੈਲੀਫੋਰਨੀਆ ਤੋਂ ਇਲਾਵਾ ਟੈਕਸਾਸ, ਵਸ਼ਿੰਗਟਨ ਤੇ ਪੈਨਸਿਲਵਾਨੀਆ ਸਮੇਤ 5 ਹੋਰ ਰਾਜਾਂ ਨੇ ਅਜਿਹੇ ਪ੍ਰਵਾਸੀਆਂ ਨੂੰ ਵਪਾਰਕ ਲਾਇਂਸਸ ਜਾਰੀ ਕੀਤੇ ਹਨ ਜੋ ਲੋੜੀਦੀਆਂ ਸੰਘੀ ਯੋਗਤਾਵਾਂ ਪੂਰੀਆਂ ਨਹੀਂ ਕਰਦੇ।





Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space available for Ad
Contact # +1 (209) 303-1260

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਹਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Inderjeet Singh Mann
CA Lic# 0H82488
Anthem
Certified Insurance Agent
Ph.: (916) 900-2000

Space availabe for Ad
Contact #
+1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road, Suite H2-167 Modesto, CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਮਹਾਨ ਕ੍ਰਾਂਤੀਕਾਰੀ ਅਸ਼ਫਾਕ ਉੱਲਾ ਖਾਂ



ਦੇਸ਼ ਦੀ ਆਜ਼ਾਦੀ ਲਈ ਜੂਝਣ ਵਾਲੇ ਭਗਤ ਸਿੰਘ, ਚੰਦਰ ਸ਼ੇਖਰ ਆਜ਼ਾਦ, ਰਾਜਗੁਰੂ, ਸੁਖਦੇਵ, ਬਟੂਕੇਸ਼ਵਰ ਦੱਤ, ਰਾਜਿੰਦਰਨਾਥ ਲਹਿਰੀ, ਸਚਿੰਦਰਨਾਥ ਸਾਨਿਆਲ, ਜਤਿੰਦਰਨਾਥ, ਸਚਿੰਦਰਨਾਥ ਬਖ਼ਸ਼ੀ, ਰਾਮਪ੍ਰਸਾਦ ਬਿਸਮਿਲ, ਅਸ਼ਫਾਕ ਉੱਲਾ ਖਾਂ, ਮੰਮਥ ਗੁਪਤਾ ਆਦਿ ਅਜਿਹੇ ਸੁਤੰਤਰਤਾ ਸੰਗਰਾਮੀਏ ਸਨ, ਜੋ ਕ੍ਰਾਂਤੀਕਾਰੀ ਲਹਿਰ ਨਾਲ ਸਬੰਧਤ ਸਨ। ਅਸ਼ਫਾਕ ਉੱਲਾ ਖਾਂ ਦਾ ਜਨਮ 22 ਅਕਤੂਬਰ 1900 ਈ. ਨੂੰ ਉੱਤਰ ਪ੍ਰਦੇਸ਼ ਦੇ ਸ਼ਾਹਜਹਾਂਪੁਰ ਵਿਖੇ ਇਕ ਇੱਜ਼ਤਦਾਰ ਅਤੇ ਰੱਜੇ-ਪੁੱਜੇ ਘਰਾਣੇ ਵਿੱਚ ਹੋਇਆ। ਅਸ਼ਫਾਕ ਉਦੋਂ ਵੱਡਾ ਹੋ ਰਿਹਾ ਸੀ, ਜਦੋਂ ਦੇਸ਼-ਭਗਤੀ ਦੀਆਂ ਭਾਵਨਾਵਾਂ ਅਤੇ ਆਜ਼ਾਦੀ ਦੀ ਖਾਹਿਸ਼ ਲੋਕਾਂ ਦੇ ਮਨਾਂ ਉੱਤੇ ਪ੍ਰਭਾਵ ਪਾ ਰਹੀ ਸੀ। ਬਚਪਨ ਤੋਂ ਹੀ ਉਸ ਨੇ ਸੁਤੰਤਰਤਾ ਸੰਗਰਾਮੀਆਂ ਦੀਆਂ ਸਰਗਰਮੀਆਂ ਵਿੱਚ ਦਿਲਚਸਪੀ ਲੈਣੀ ਸ਼ੁਰੂ ਕਰ ਦਿੱਤੀ ਸੀ।

ਸ਼ਾਹਜਹਾਂਪੁਰ ਦੇ ਮਿਸ਼ਨ ਹਾਈ ਸਕੂਲ ਦੇ ਵਿਦਿਆਰਥੀ ਵਜੋਂ ਉਸ ਦਾ ਮੇਲ ਪੰਡਿਤ ਰਾਮ ਪ੍ਰਸਾਦ ਬਿਸਮਿਲ ਨਾਲ ਹੋਇਆ, ਜੋ ਉਸ ਤੋਂ ਸੀਨੀਅਰ ਜਮਾਤ ਵਿੱਚ ਸੀ। ਬਿਸਮਿਲ, ਅਸ਼ਫਾਕ ਦੇ ਵੱਡੇ ਭਰਾ ਦਾ ਜਮਾਤੀ ਸੀ। ਪਹਿਲਾਂ-ਪਹਿਲ ਬਿਸਮਿਲ ਨੇ ਅਸ਼ਫ਼ਾਕ ਨੂੰ ਗੰਭੀਰਤਾ ਨਾਲ ਨਾ ਲਿਆ, ਕਿਉਂਕਿ ਉਹਨੂੰ ਜਾਪਦਾ ਸੀ ਕਿ ਇੱਕ ਰੱਜੇ-ਪੁੱਜੇ ਘਰ ਦਾ ਅਮੀਰ ਮੁੰਡਾ ਦੇਸ਼ ਲਈ ਕੁਰਬਾਨੀ ਨਹੀਂ ਕਰ ਸਕੇਗਾ। ਪਰ ਅਸ਼ਫਾਕ ਨੇ ਹੌਸਲਾ ਨਾ ਹਾਰਿਆ ਅਤੇ ਅਖ਼ੀਰ ਉਹ ਬਿਸਮਿਲ ਦਾ ਭਰੋਸਾ ਜਿੱਤਣ ਵਿੱਚ ਕਾਮਯਾਬ ਹੋ ਗਿਆ। ਫਿਰ ਦੋਹਾਂ ਵਿੱਚ ਗੂੜ੍ਹੀ ਦੋਸਤੀ ਹੋ ਗਈ ਅਤੇ ਅਸ਼ਫ਼ਾਕ ਬਿਸਮਿਲ ਦੇ ਲੈਫਟੀਨੈਂਟ ਵਜੋਂ ਜਾਣਿਆ ਜਾਣ ਲੱਗ ਪਿਆ।

ਭਾਵੇਂ ਅਸ਼ਫ਼ਾਕ ਮੁਸਲਮਾਨ ਸੀ ਅਤੇ ਬਿਸਮਿਲ ਆਰੀਆ ਸਮਾਜੀ ਹਿੰਦੂ। ਪਰ ਧਰਮ ਨੇ ਉਨ੍ਹਾਂ ਦੀ ਮਿੱਤਰਤਾ ਵਿੱਚ ਰੁਕਾਵਟ ਨਾ ਪਾਈ। ਦੋਹਾਂ ਦਾ ਇੱਕੋ-ਇੱਕ ਸਾਂਝਾ ਉਦੇਸ਼ ਸੀ ਦੇਸ਼ ਲਈ ਨਿਰਸੁਆਰਥ ਸੇਵਾ। ਅਸ਼ਫਾਕ ਦੀ ਜ਼ਿੰਦਗੀ ਦੀ ਇੱਕ ਘਟਨਾ ਦੋਹਾਂ ਦੀ ਦੋਸਤੀ ਦੇ ਹਵਾਲੇ ਵਜੋਂ ਕਾਫੀ ਪ੍ਰਸਿੱਧ ਹੈ: ਇੱਕ ਵਾਰ ਅਸ਼ਫਾਕ ਬੀਮਾਰ ਹੋ ਗਿਆ। ਆਪਣੀ ਬੀਮਾਰੀ ਦੌਰਾਨ ਉਹ ਬੁੜਬੁੜਾਹਟ ਵਜੋਂ 'ਰਾਮ ਰਾਮ' ਕਰਨ ਲੱਗ ਪਿਆ। ਉਸ ਦੇ ਪਿਤਾ ਨੇ ਇਲਾਜ ਲਈ ਇਕ ਮੌਲਵੀ ਨੂੰ ਸੱਦਿਆ, ਜਿਸ ਨੂੰ ਅਸ਼ਫਾਕ ਤੇ ਬਿਸਮਿਲ ਦੀ ਦੋਸਤੀ ਬਾਰੇ ਪਤਾ ਸੀ। ਮੌਲਵੀ ਬਿਸਮਿਲ ਨੂੰ ਸੱਦ ਲਿਆਇਆ। ਜਦੋਂ ਹੀ ਅਸ਼ਫ਼ਾਕ ਨੇ ਬਿਸਮਿਲ ਨੂੰ ਵੇਖਿਆ, ਤਾਂ ਉਸ ਨੂੰ ਗਲਵੱਕੜੀ ਵਿੱਚ ਲੈ ਕੇ ਕਿਹਾ ਕਿ ਬਿਮਾਰੀ ਵਿੱਚ ਉਹ ਉਸ ਕੋਲ ਰਹੇ।

ਅਸ਼ਫਾਕ ਨੇ 1920 ਦੇ ਨਾ-ਮਿਲਵਰਤਨ ਅੰਦੋਲਨ ਦੌਰਾਨ ਸਕੂਲ ਦੀ ਪੜ੍ਹਾਈ ਛੱਡ ਦਿੱਤੀ ਅਤੇ ਆਜ਼ਾਦੀ ਦੇ ਉਦੇਸ਼ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਸ਼ੁਰੂ ਕਰ ਦਿੱਤਾ। ਉਸ ਦਾ ਮੰਤਵ ਵਧੇਰੇ ਲੋਕਾਂ ਨੂੰ ਕ੍ਰਾਂਤੀਕਾਰੀ ਲਹਿਰ ਨਾਲ ਜੋੜਨਾ ਸੀ। ਉਹਦੇ ਬਹੁਤੇ ਦੋਸਤ ਇਹ ਸੋਚ ਕੇ ਉਸ ਦਾ ਸਾਥ ਛੱਡ ਗਏ ਕਿ ਸੁਤੰਤਰਤਾ ਲਹਿਰ ਵਿੱਚ ਸ਼ਾਮਲ ਹੋਣ ਦਾ ਅਰਥ ਹੈ ਸਭ ਤਰ੍ਹਾਂ ਦੇ ਦੁੱਖਾਂ ਨੂੰ ਸਹਾਰਨਾ ਅਤੇ ਜੇਲ੍ਹ ਵਿਚ ਡੱਕੇ ਜਾਣਾ।

ਕ੍ਰਾਂਤੀਕਾਰੀਆਂ ਨੂੰ ਆਪਣੇ ਸੰਘਰਸ਼ ਲਈ ਹਥਿਆਰਾਂ ਦੀ ਲੋੜ ਸੀ ਜਿਸ ਲਈ ਉਨ੍ਹਾਂ ਨੂੰ ਪੈਸੇ ਦੀ ਜ਼ਰੂਰਤ ਸੀ। ਇਸ ਕੰਮ ਲਈ ਉਨ੍ਹਾਂ ਨੇ 7 ਅਗਸਤ 1925 ਨੂੰ ਸ਼ਾਹਜਹਾਂਪੁਰ ਵਿਚ ਇਕ ਬੈਠਕ ਸੱਦੀ। ਬਿਸਮਿਲ ਦੇ ਘਰੇ ਹੋਈ ਇਸ ਮੀਟਿੰਗ ਵਿਚ ਕਈ ਸਕੀਮਾਂ ਸੋਚੀਆਂ ਗਈਆਂ ਅਤੇ ਅੰਤ ਸਰਕਾਰੀ ਖ਼ਜ਼ਾਨਾ ਲੁੱਟਣ ਦਾ ਫ਼ੈਸਲਾ ਹੋਇਆ, ਜੋ ਰੇਲਗੱਡੀ ਰਾਹੀਂ ਲਿਜਾਇਆ ਜਾ ਰਿਹਾ ਸੀ। ਭਾਵੇਂ ਅਸ਼ਫ਼ਾਕ ਇਸ ਸਕੀਮ ਨਾਲ ਸਹਿਮਤ ਨਹੀਂ ਸੀ, ਪਰ ਉਹ ਦੇਸ਼ ਲਈ ਕੁਝ ਵੀ ਕਰਨ ਵਾਸਤੇ ਤਿਆਰ ਸੀ। ਫ਼ੈਸਲੇ ਮੁਤਾਬਕ ਕਾਕੋਰੀ ਸਟੇਸ਼ਨ ਨੇੜੇ ਸ਼ਾਹਜਹਾਂਪੁਰ ਅਤੇ ਲਖਨਊ ਵਿਚਾਲੇ ਗੱਡੀ ਰੋਕ ਕੇ ਧਨ ਲੁੱਟਿਆ ਜਾਣਾ ਸੀ।

9 ਅਗਸਤ 1925 ਨੂੰ ਸਚਿੰਦਰਨਾਥ ਬਖ਼ਸ਼ੀ, ਰਾਜਿੰਦਰ ਨਾਥ ਲਹਿਰੀ, ਬਿਸਮਿਲ ਅਤੇ ਅਸ਼ਫ਼ਾਕ ਸਮੇਤ ਦੱਸ ਨੌਜਵਾਨ ਸ਼ਾਹਜਹਾਂਪੁਰ ਤੋਂ ਗੱਡੀ ਰਾਹੀਂ ਲਖਨਊ ਗਏ। ਉਹ ਅੱਡ-ਅੱਡ ਡੱਬਿਆਂ ਵਿੱਚ ਹਥਿਆਰਾਂ ਅਤੇ ਔਜ਼ਾਰਾਂ ਨਾਲ ਲੈਸ ਸਨ। ਉਨ੍ਹਾਂ ਨੇ ਚੇਨ ਖਿੱਚ ਕੇ ਆਲਮ ਨਗਰ ਤੇ ਕਾਕੋਰੀ ਸਟੇਸ਼ਨ ਵਿਚਾਲੇ ਗੱਡੀ ਰੋਕ ਲਈ ਅਤੇ ਪੁਲੀਸ ਨੂੰ ਦਬੋਚ ਲਿਆ। ਗਾਰਡ ਅਤੇ ਡਰਾਈਵਰ ਨੂੰ ਡਰਾ ਧਮਕਾ ਕੇ ਅਸ਼ਫਾਕ ਨੇ ਖ਼ਜ਼ਾਨੇ ਵਾਲੀ ਪੇਟੀ ਤੋੜ ਲਈ ਅਤੇ ਸਾਰੇ ਉਥੋਂ ਦੌੜ ਗਏ। ਖ਼ਜ਼ਾਨਾ ਲੁੱਟਣ ਦੀ ਖਬਰ ਲਖਨਊ ਅਤੇ ਆਲੇ- ਦੁਆਲੇ ਜੰਗਲ ਦੀ ਅੱਗ ਵਾਂਗ ਫੈਲ ਗਈ। ਕ੍ਰਾਂਤੀਕਾਰੀਆਂ ਨੂੰ ਫੜਨ ਦੀ ਮੁਹਿੰਮ ਤੇਜ਼ ਹੋ ਗਈ। ਵਾਰਦਾਤ ਵਾਲੀ ਥਾਂ ਤੋਂ ਇੱਕ ਸ਼ਾਲ ਬਰਾਮਦ ਹੋਣ ਕਰਕੇ ਪੁਲੀਸ ਨੂੰ ਇੱਕ ਵੱਡਾ ਸੁਰਾਗ ਮਿਲ ਗਿਆ। ਪੁਲੀਸ ਨੂੰ ਸ਼ਾਹਜਹਾਂਪੁਰ ਤੋਂ ਲੁੱਟੇ ਗਏ ਕੁਝ ਕਰੰਸੀ ਨੋਟ ਵੀ ਮਿਲੇ। ਬਿਸਮਿਲ ਦੇ ਦੋ ਗੂੜ੍ਹੇ ਦੋਸਤਾਂ ਨੇ ਪੁਲੀਸ ਕੋਲ ਮੁਖਬਰੀ ਕਰ ਦਿੱਤੀ ਅਤੇ ਬਿਸਮਿਲ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪਰ ਅਸ਼ਫਾਕ ਬਚ ਕੇ ਕੁਝ ਦਿਨ ਕਮਾਦ ਵਿੱਚ ਲੁਕਣ ਪਿੱਛੋਂ ਬਨਾਰਸ ਚਲਾ ਗਿਆ, ਜੋ ਕ੍ਰਾਂਤੀਕਾਰੀਆਂ ਦਾ ਇਕ ਹੋਰ ਗੜ੍ਹ ਸੀ। ਇੱਥੋਂ ਉਹ ਬਿਹਾਰ ਵਿੱਚ ਦੌਲਤਗੰਜ ਚਲਾ ਗਿਆ ਅਤੇ ਇੱਕ ਸਕੂਲ ਵਿੱਚ ਨੌਕਰੀ ਕਰ ਲਈ।

ਫਿਰ ਉਹ ਇੱਕ ਹਿੰਦੂ ਦੇ ਭੇਸ ਵਿੱਚ ਮਥੁਰਾ ਰਹਿਣ ਲੱਗ ਪਿਆ। ਕੁਝ ਚਿਰ ਬਾਅਦ ਦਿੱਲੀ ਆ ਗਿਆ। ਇੱਥੇ ਉਹਦੇ ਇੱਕ ਨਜ਼ਦੀਕੀ ਨੇ ਧੋਖੇ ਨਾਲ ਉਹਨੂੰ 8 ਸਤੰਬਰ 1926 ਨੂੰ ਗ੍ਰਿਫ਼ਤਾਰ ਕਰਵਾ ਦਿੱਤਾ। ਅਸ਼ਫਾਕ ਨੂੰ ਲਖਨਊ ਲਿਆਂਦਾ ਗਿਆ। ਇੱਥੇ ਸਚਿੰਦਰਨਾਥ ਬਖ਼ਸ਼ੀ ਸਮੇਤ ਉਸ 'ਤੇ ਕਾਕੋਰੀ ਕੇਸ ਦਾ ਮੁਕੱਦਮਾ ਚਲਾਇਆ ਗਿਆ। ਉਸ ਨੂੰ ਬਿਸਮਿਲ ਤੋਂ ਵੱਖਰੇ ਕਮਰੇ ਵਿੱਚ ਰੱਖਿਆ ਗਿਆ ਸੀ।

ਅਸ਼ਫਾਕ ਨੂੰ ਮੌਤ ਦੀ ਸਜ਼ਾ ਸੁਣਾਈ ਗਈ, ਜਿਸ ਨੂੰ ਉਸ ਨੇ ਖ਼ੁਸ਼ੀ ਨਾਲ ਪ੍ਰਵਾਨ ਕੀਤਾ। ਫੈਜ਼ਾਬਾਦ ਵਿੱਚ ਫਾਂਸੀ ਲਾਏ ਜਾਣ ਤੋਂ ਇਕ ਦਿਨ ਪਹਿਲਾਂ ਉਹਦੇ ਸਾਥੀਆਂ ਨੇ ਉਹਨੂੰ ਬੜਾ ਖੁਸ਼ ਵੇਖਿਆ, ਤਾਂ ਅਸ਼ਫਾਕ ਨੇ ਦੱਸਿਆ ਕਿ ਕੱਲ੍ਹ ਨੂੰ ਉਸ ਦਾ ਵਿਆਹ ਹੋਣਾ ਹੈ। 19 ਦਸੰਬਰ 1927 ਨੂੰ ਫਾਂਸੀ ਵਾਲੇ ਦਿਨ ਉਹ ਸਵੇਰੇ ਹੀ ਉੱਠ ਪਿਆ। ਉਸ ਨੇ ਨਮਾਜ਼ ਅਦਾ ਕੀਤੀ ਅਤੇ ਕੁਰਾਨ ਪੜ੍ਹੀ। ਸਵੇਰੇ ਛੇ ਵਜੇ ਜਦੋਂ ਉਹਨੂੰ ਫਾਂਸੀ ਦੇ ਫੰਦੇ ਵੱਲ ਲਿਜਾਇਆ ਜਾ ਰਿਹਾ ਸੀ ਤਾਂ ਉਹਦੇ ਝੋਲੇ ਵਿੱਚ ਕੁਰਾਨ ਸੀ ਅਤੇ ਉਹ ਆਇਤਾਂ ਪੜ੍ਹ ਰਿਹਾ ਸੀ। ਫਾਂਸੀ ਦਾ ਰੱਸਾ ਚੁੰਮਦਿਆਂ ਉਹਨੇ ਕਿਹਾ, "ਮੈਂ ਕਦੇ ਵੀ ਕਿਸੇ ਦਾ ਕਤਲ ਕਰਕੇ ਆਪਣੇ ਹੱਥ ਖ਼ੂਨ ਨਾਲ ਗੰਦੇ ਨਹੀਂ ਕੀਤੇ। ਮੈਂ ਅੱਲਾ ਤੋਂ ਇਨਸਾਫ਼ ਮੰਗਾਂਗਾ। ਮੇਰੇ ਤੇ ਲਾਏ ਸਾਰੇ ਦੋਸ਼ ਸਰਾਸਰ ਗ਼ਲਤ ਹਨ।"

ਉਸ ਨੇ ਫਾਂਸੀ ਦਾ ਰੱਸਾ ਗਲ ਵਿੱਚ ਪਾਉਂਦਿਆਂ ਇਹ ਕਾਵਿ- ਪੰਕਤੀਆਂ ਉਚਾਰੀਆਂ:

* ਫਨਾ ਹੈ ਸਬ ਕੇ ਲੀਏ ਹਮ ਪੇ ਕੁਛ ਨਹੀਂ ਮੌਕੂਫ਼
ਬਕਾ ਹੈ ਏਕ ਫਕਤ ਜਾਨ-ਏ-ਕਿਥਿਓਂ ਕੇ ਲੀਏ।
* ਤੰਗ ਆ ਕਰ ਹਮ ਉਨ ਕੇ ਜ਼ੁਲਮ ਸੇ ਬੇਦਾਦ ਸੇ
ਚਲ ਦੀਏ ਸੂਏ ਅਦਮ ਜ਼ਿੰਦਾਨੇ ਫੈਜ਼ਾਬਾਦ ਸੇ।

ਅਸ਼ਫਾਕ ਉੱਲਾ ਖਾਂ ਹਿੰਦੂ-ਮੁਸਲਿਮ ਏਕਤਾ ਦਾ ਪੱਕਾ ਮੁੱਦਈ ਸੀ। ਭਾਵੇਂ ਉਹ ਇੱਕ ਪੱਕਾ ਮੁਸਲਮਾਨ ਸੀ, ਪਰ ਉਹ ਚਾਹੁੰਦਾ ਸੀ ਕਿ ਹਿੰਦੁਸਤਾਨ ਇੱਕ ਸੁਤੰਤਰ ਰਾਸ਼ਟਰ ਬਣੇ, ਜਿਸ ਵਿੱਚ ਅਮੀਰ ਤੇ ਗ਼ਰੀਬ ਬਿਨਾਂ ਕਿਸੇ ਧਾਰਮਿਕ ਤੰਗ ਦਿਲੀ ਤੋਂ ਅਮਨ-ਅਮਾਨ ਅਤੇ ਚੈਨ ਨਾਲ ਰਹਿ ਸਕਣ। ਫਾਂਸੀ ਲੱਗਣ ਤੋਂ ਤਿੰਨ ਦਿਨ ਪਹਿਲਾਂ ਉਹਨੇ ਫ਼ੈਜ਼ਾਬਾਦ ਦੇ ਲੋਕਾਂ ਦੇ ਨਾਂ ਇਕ ਸੰਦੇਸ਼ ਵਿਚ ਕਿਹਾ ਸੀ ਕਿ ਸਮੂਹ ਭਾਰਤਵਾਸੀ ਆਪਣੇ ਧਰਮ ਤੋਂ ਉੱਪਰ ਉੱਠ ਕੇ ਵਤਨ ਦੀ ਏਕਤਾ ਅਤੇ ਖੁਸ਼ਹਾਲੀ ਲਈ ਕੰਮ ਕਰਨ। ਅਸ਼ਫਾਕ ਨੇ ਇਹ ਵੀ ਕਿਹਾ ਕਿ ਦੇਸ਼ਵਾਸੀ ਧਰਮ ਦੇ ਨਾਂ ਤੇ ਆਪਸ ਵਿੱਚ ਨਾ ਲੜਨ। ਉਸ ਨੂੰ ਮਾਣ ਸੀ ਕਿ ਉਹ ਦੇਸ਼ ਦਾ ਪਹਿਲਾ ਮੁਸਲਮਾਨ ਹੈ, ਜਿਸ ਨੂੰ ਜੰਗੇ-ਆਜ਼ਾਦੀ ਲਈ ਫਾਂਸੀ ਦਿੱਤੀ ਜਾ ਰਹੀ ਹੈ।

ਇਕ ਹੋਰ ਘਟਨਾ ਰਾਹੀਂ ਵੀ ਉਹਦੀ ਹਿੰਦੂ-ਮੁਸਲਿਮ ਏਕਤਾ ਸਪਸ਼ਟ ਹੁੰਦੀ ਹੈ। ਸ਼ਾਹਜਹਾਂਪੁਰ ਵਿੱਚ ਦੰਗਾਕਾਰੀਆਂ ਦੀ ਭੀੜ ਆਰੀਆ ਸਮਾਜ ਮੰਦਰ ਨੂੰ ਅੱਗ ਲਾਉਣ ਜਾ ਰਹੀ ਸੀ। ਅਸ਼ਫਾਕ ਨੇ ਮੰਦਰ ਦੀ ਕੰਧ ਉੱਤੇ ਚੜ੍ਹ ਕੇ ਆਪਣਾ ਪਿਸਤੌਲ ਕੱਢਿਆ ਅਤੇ ਐਲਾਨ ਕੀਤਾ ਕਿ ਜੇ ਕੋਈ ਮਾੜੇ ਇਰਾਦੇ ਨਾਲ ਅੱਗੇ ਵਧਿਆ ਤਾਂ ਉਹ ਉਹਨੂੰ ਮਾਰ ਮੁਕਾਵੇਗਾ। ਇਹ ਸੁਣ ਕੇ ਭੀੜ ਨੇ ਖਿਸਕਣ ਵਿੱਚ ਹੀ ਭਲਾਈ ਸਮਝੀ।

ਅਸ਼ਫਾਕ ਉਰਦੂ ਦਾ ਚੰਗਾ ਕਵੀ ਵੀ ਸੀ, ਜਿਸ ਨੇ 'ਹਸਰਤ' ਤਖ਼ੱਲਸ ਹੇਠ ਦੇਸ਼ਭਗਤੀ, ਏਕਤਾ ਅਤੇ ਮਾਤ-ਭੂਮੀ ਲਈ ਕੁਰਬਾਨੀ ਦੇ ਰੰਗ ਵਾਲੀਆਂ ਕਵਿਤਾਵਾਂ ਦੀ ਰਚਨਾ ਕੀਤੀ। ਉਸਨੇ ਉਰਦੂ ਤੋਂ ਇਲਾਵਾ ਹਿੰਦੀ ਤੇ ਅੰਗਰੇਜ਼ੀ ਵਿੱਚ ਵੀ ਲੇਖ ਤੇ ਕਵਿਤਾਵਾਂ ਲਿਖੀਆਂ। ਭਾਰਤੀ ਸੁਤੰਤਰਤਾ ਸੰਗਰਾਮ ਦੇ ਇਤਿਹਾਸ ਵਿਚ ਬਿਸਮਿਲ ਅਤੇ ਅਸ਼ਫਾਕ ਦੀ ਭੂਮਿਕਾ ਬਿਨਾਂ ਸ਼ੱਕ ਹਿੰਦੂ-ਮੁਸਲਿਮ ਏਕਤਾ ਦੀ ਬੇਜੋੜ ਉਦਾਹਰਣ ਹੈ। ਉਸ ਦੇ ਕਾਵਿ 'ਚੋਂ ਕੁਝ ਵੰਨਗੀਆਂ ਪੇਸ਼ ਹਨ:

* ਖ਼ਾਮੋਸ਼ ਹਜ਼ਰਤ ਖ਼ਾਮੋਸ਼ ਹਸਰਤ, ਅਗਰ ਹੈ ਜਜ਼ਬਾ ਵਤਨ ਕਾ ਦਿਲ ਮੇਂ।
ਸਜ਼ਾ ਕੋ ਪਹੁੰਚੇਂਗੇ ਅਪਨੀ ਬੇਸ਼ੱਕ, ਜੋ ਆਜ ਹਮ ਕੋ ਮਿਟਾ ਰਹੇ ਹੈਂ।
* ਬੁਜ਼ਦਿਲੋਂ ਹੀ ਕੋ ਸਦਾ ਮੌਤ ਸੇ ਡਰਤੇ ਦੇਖਾ।
ਗੋ ਕਿ ਸੌ ਬਾਰ ਉਨਹੇਂ ਰੋਜ਼ ਹੀ ਮਰਤੇ ਦੇਖਾ।
* ਵਤਨ ਹਮੇਸ਼ਾ ਰਹੇ ਸ਼ਾਦਕਾਮ ਔਰ ਆਜ਼ਾਦ
ਹਮਾਰਾ ਕਿਆ ਹੈ, ਹਮ ਰਹੇਂ, ਨਾ ਰਹੇਂ।
* ਕਸ ਲੀ ਹੈ ਕਮਰ ਅਬ ਤੋ, ਕੁਛ ਕਰਕੇ ਦਿਖਾਏਂਗੇ
ਆਜ਼ਾਦ ਹੀ ਹੋ ਲੇਂਗੇ, ਯਾ ਸਰ ਕਟਾ ਦੇਂਗੇ।
* ਬਹੁਤ ਹੀ ਜਲਦ ਟੂਟੇਂਗੀ ਗ਼ੁਲਾਮੀ ਕੀ ਯੇ ਜ਼ੰਜ਼ੀਰੇਂ
ਕਿਸੀ ਦਿਨ ਦੇਖਨਾ ਆਜ਼ਾਦ ਯੇ ਹਿੰਦੋਸਤਾਂ ਹੋਗਾ।

ਸੱਚਮੁੱਚ ਅਸ਼ਫਾਕ ਇੱਕ ਸੱਚਾ-ਸੁੱਚਾ ਮੁਸਲਿਮ ਦੇਸ਼ਭਗਤ ਕ੍ਰਾਂਤੀਕਾਰੀ ਅਤੇ ਵਤਨ-ਪਿਆਰ ਦੇ ਜਜ਼ਬੇ ਵਾਲਾ ਸ਼ਾਇਰ ਸੀ। ਅਜਿਹੇ ਵਤਨ-ਪ੍ਰੇਮੀਆਂ 'ਤੇ ਭਾਰਤ ਨੂੰ ਹਮੇਸ਼ਾ ਮਾਣ ਅਤੇ ਗੌਰਵ ਰਹੇਗਾ!


ਪ੍ਰੋ.ਨਵ ਸੰਗੀਤ ਸਿੰਘ
ਪੋਸਟ-ਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

**Sizes available in drive & trailer**
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205


Imperial Spice
Resturant Bar & Banquet Hall
Vibrant flavors of
North and South Indian cuisine.
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕੱਿਸੇ:**

**2017 ਗੁੜਗਾਂਵ:**
**7 ਸਾਲਾਂ ਵੱਿਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵੱਿਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵੱਿਚ 58% ਵਾਧਾ**

**ਆਪਣੇ ਭਵੱਿਖ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਯਾਦਗਾਰੀ ਹੋ ਨਿੱਬੜੀ ਸੰਗਰੂਰ ਦੀ ਪੈਨਸ਼ਨ ਅਦਾਲਤ

**ਬਰਨਾਲਾ ਅਸ਼ੋਕ ਪੁਰੀ**

ਡੀਸੀ ਆਫ਼ਿਸ ਸੰਗਰੂਰ ਦੇ ਆਡੀਟੋਰੀਅਮ ਵਿੱਚ ਸੀਸੀਏ ਪੰਜ਼ਾਬ ਵੱਲੋਂ ਇੱਕ ਪੈਨਸ਼ਨ ਅਦਾਲਤ ਕਮ ਲਾਈਫ ਸਰਟੀਫੀਕੇਟ ਕੈਂਪ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਸੀਸੀਏ ਆਫ਼ਿਸ ਚੰਡੀਗੜ੍ਹ ਤੋਂ ਉੱਚ ਅਧਿਕਾਰੀਆਂ ਵੱਲੋਂ ਸ਼ਿਰਕਤ ਕੀਤੀ ਗਈ।ਕੈਂਪ ਦੀ ਸ਼ੁਰੂਆਤ ਵਿੱਚ ਸੀਸੀਏ ਆਫ਼ਿਸ ਵੱਲੋਂ ਪੈਨਸ਼ਨਰਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਸਬੰਧੀ ਇਕ ਸਲਾਈਡ ਸ਼ੋ ਰਾਹੀਂ ਵਿਆਖਿਆ ਕੀਤੀ ਗਈ। ਮੈਡਮ ਪੂਜਾ ਨੇ ਐਲਡਰ ਹੈਲਪ ਲਾਈਨ ਰਾਹੀਂ ਵਰਿਸ਼ਟ ਨਾਗਰਿਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ।ਹੇਲਪੇਜ ਇੰਡੀਆ ਵੱਲੋਂ ਸ਼੍ਰੀ ਰਾਜੂ ਸਿੰਘ ਨੇ ਮਜ਼ਬੂਤ ਪਾਸਵਰਡ, ਏਟੀਐਮ ਪਾਸਵਰਡ, ਓਟੀਪੀ, ਡਿਜੀਟਲ ਅਰੈਸਟ, ਸੰਚਾਰ ਸਾਥੀ ਐਪ, ਯੂਪੀਆਈ ਭੁਗਤਾਨ ਅਤੇ ਏਆਈ ਤਕਨੀਕ ਨਾਲ ਹੋਣ ਵਾਲੀਆਂ ਠੱਗੀਆਂ ਬਾਰੇ ਬਹੁਤ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਜਿਸਨੂੰ ਪੈਨਸ਼ਨਰਾਂ ਵੱਲੋਂ ਬਹੁਤ ਧਿਆਨ ਨਾਲ ਸੁਣਿਆ ਗਿਆ।ਡਾਕਟਰ ਸ਼ਿਵਦੀਪ ਗੁਪਤਾ ਉਭਾਵਾਲ ਮੈਡੀਕੋਜ਼ ਵੱਲੋਂ ਅਜੋਕੀ ਜੀਵਨ ਸ਼ੈਲੀ ਵਿੱਚ ਵਡੇਰੀ ਉਮਰ ਵਿੱਚ ਸਿਹਤਮੰਦ ਰਹਿਣ ਲਈ ਬਹੁਤ ਹੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਅਤੇ ਸਿਹਤ ਸਬੰਧੀ ਪੈਨਸ਼ਨਰਾਂ ਵਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੱਤੇ । ਉਨ੍ਹਾਂ ਨੇ ਇਸ ਉਮਰ ਵਿੱਚ ਸਮੇਂ ਸਿਰ ਸਰੀਰ ਦੀ ਚੈੱਕ ਅੱਪ ਕਰਾਉਣ ਦੀ ਲੋੜ ਬਾਰੇ ਦੱਸਿਆ।

ਬੀਐਸਐਨਐਲ ਵੱਲੋਂ ਡੀਜੀਐਮ ਓਏ ਰਾਜਪਾਲ ਅਤੇ ਉਨ੍ਹਾਂ ਦੇ ਸਹਿਯੋਗੀ ਅਧਿਕਾਰੀਆਂ ਨੇ ਮੀਟਿੰਗ ਵਿੱਚ ਸ਼ਿਰਕਤ ਅਤੇ ਬੀਐਸਐਨਐਲ ਨਾਲ ਸਬੰਧਤ ਸ਼ਕਾਇਤਾ ਨੋਟ ਕੀਤੀਆਂ ਅਤੇ ਉਨ੍ਹਾਂ ਦੇ ਨਿਪਟਾਰੇ ਲਈ ਭਰੋਸਾ ਦਿੱਤਾ। ਪੀਕੇ ਗਰਗ ਨੇ ਬੜੇ ਸੁੰਦਰ ਸ਼ਬਦਾਂ ਵਿੱਚ ਸਰੀਰਕ ਤੰਦਰੁਸਤੀ ਲਈ ਯੋਗਾ ਦੀ ਅਹਿਮੀਅਤ ਬਾਰੇ ਵਿਸਥਾਪੂਰਵਕ ਜਾਣਕਾਰੀ ਦਿੱਤੀ ।ਜੁਆਇੰਟ ਸੀਸੀਏ ਡਾਕਟਰ ਮਨਦੀਪ ਸਿੰਘ ਵੱਲੋਂ ਪੈਨਸ਼ਨ ਅਦਾਲਤ ਦੌਰਾਨ ਆਏ ਕੇਸਾਂ ਬਾਰੇ ਦੱਸਿਆ ਅਤੇ ਉਨ੍ਹਾਂ ਦੇ ਨਿਪਟਾਰੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸੰਪੰਨ ਐਪ ਅਤੇ ਸੀਸੀਏ ਦੇ 25 ਵਰ੍ਹਿਆਂ ਦੇ ਕਾਰਗੁਜਾਰੀ ਬਾਰੇ ਦੱਸਿਆ।ਉਨ੍ਹਾਂ ਨੇ ਸੰਗਰੂਰ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਦਿੱਤੇ ਗਏ ਸਹਿਯੋਗ ਲਈ ਪ੍ਰਸ਼ੰਸ਼ਾ ਕੀਤੀ। ਉਨ੍ਹਾਂ ਨੇ ਪੈਨਸ਼ਨਰਾਂ ਵਲੋਂ ਪੁੱਛੇ ਗਏ ਸਵਾਲਾਂ ਦਾ ਬੜੀ ਸੰਜੀਦਗੀ ਜਵਾਬ ਦਿੱਤਾ ਅਤੇ ਇੰਨੀ ਧੁੰਦ ਦੇ ਬਾਵਜੂਦ ਇੰਨੀ ਵੱਡੀ ਗਿਣਤੀ ਵਿੱਚ ਪੁਹੰਚਣ ਤੇ ਪੈਨਸ਼ਨਰਾਂ ਦਾ ਧੰਨਵਾਦ ਕੀਤਾ।ਸੀਨੀਅਰ ਏਓ ਸੀਸੀਏ ਰਾਜੀਵ ਰੰਜਨ ਵੱਲੋਂ ਪੈਨਸ਼ਨਰਾਂ ਦੇ ਸਵਾਲਾਂ ਅਤੇ ਕੇਸਾਂ ਸਬੰਧੀ ਤਕਨੀਕੀ ਤੌਰ ਤੇ ਉਨ੍ਹਾਂ ਦੇ ਹੱਲ ਬਾਰੇ ਜਾਣਕਾਰੀ ਦਿੱਤੀ।

ਓਮ ਪ੍ਰਕਾਸ਼ ਪੀਆਰਓ ਵੱਲੋਂ ਟੋਲ ਫਰੀ ਨੰਬਰ ਅਤੇ ਸੀਸੀਏ ਵੱਲੋਂ ਮੁਹਈਆ ਕਾਰਵਾਈਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਅਤੇ ਸੰਗਰੂਰ ਟੀਮ ਦੇ ਪ੍ਰਬੰਧਕਾਂ ਅਸ਼ਵਨੀ ਕੁਮਾਰ,ਸੁਰਿੰਦਰ ਪਾਲ ਅਤੇ ਨਵਨੀਤ ਕੁਮਾਰ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ।ਕਾਮਰੇਡ ਸੁਖਵੀਰ ਧੂਰੀ ਨੇ ਬਜ਼ੁਰਗ ਸਾਥੀਆਂ (ਜੋ ਕਿਤੇ ਆ ਜਾ ਨਹੀਂ ਸਕਦੇ) ਨੂੰ ਸੇਵਾਵਾਂ ਦੇਣ ਦੀ ਲੋੜ ਤੇ ਜੋਰ ਦਿੱਤਾ।ਸਾਧਾ ਸਿੰਘ ਵਿਰਕ ਨੇ ਸੰਗਰੂਰ ਟੀਮ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ ਅਤੇ ਸੀਸੀਏ ਦੇ ਟੋਲ ਫਰੀ ਨੰਬਰ ਦੇ ਬੀਜੀ ਰਹਿਣ ਦਾ ਮੁੱਦਾ ਉਠਾਇਆ ਜਿਸ ਬਾਰੇ ਸੀਸੀਏ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਨਿਕਟ ਭਵਿੱਖ ਵਿੱਚ ਇੱਕ ਹੋਰ ਟੋਲ ਫਰੀ ਨੰਬਰ ਜਾਰੀ ਕੀਤਾ ਜਾਵੇਗਾ ਜੋ 24 ਘੰਟੇ ਕੰਮ ਕਰੇਗਾ। ਉਨ੍ਹਾਂ ਨੇ ਪੀਆਰਓ ਓਮ ਪ੍ਰਕਾਸ਼ ਦੀ ਭਰਪੂਰ ਸ਼ਲਾਘਾ ਕੀਤੀ ਜਿਨ੍ਹਾਂ ਨੇ ਪਹਿਲਾਂ 27/6/2025 ਨੂੰ ਸੰਗਰੂਰ ਦੀ ਮਹੀਨਾਵਾਰ ਮੀਟਿੰਗ ਵਿੱਚ ਹਾਜਰੀ ਭਰੀ ਸੀ ਅਤੇ ਪੈਨਸ਼ਨਰਾਂ ਨੂੰ ਨਾਮੀਨੇਸ਼ਨ ਫਾਰਮ ਭਰਨ ਲਈ ਪ੍ਰੇਰਿਤ ਕੀਤਾ ਸੀ ਅਤੇ ਸਮੇਂ ਸਮੇਂ ਤੇ ਹਰ ਕੰਮ ਵਿੱਚ ਮਦਦ ਕਰਦੇ ਹਨ।ਸ਼ਿਵ ਨਰਾਇਣ ਸੰਗਰੂਰ ਵੱਲੋਂ ਪੈਨਸ਼ਨਰਾਂ ਦੇ ਕਈ ਅਹਿਮ ਮੁੱਦੇ ਅਧਿਕਾਰੀਆਂ ਸਾਹਮਣੇ ਪੇਸ਼ ਕੀਤੇ ਜਿਨ੍ਹਾਂ ਬਾਰੇ ਸੀਸੀਏ ਅਧਿਕਾਰੀਆਂ ਵੱਲੋਂ ਸੰਜੀਦਗੀ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਸਮਾਧਾਨ ਲਈ ਭਰੋਸਾ ਦਿੱਤਾ। ਉਨ੍ਹਾਂ ਨੇ ਇੰਨੀ ਠੰਡ ਅਤੇ ਧੁੰਦ ਦੇ ਬਾਵਜੂਦ ਦੂਰ ਦੁਰਾਡੇ ਤੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ।ਸੀਸੀਏ ਦੇ ਅਧਿਕਾਰੀਆਂ ਵੱਲੋਂ ਵਾਤਾਵਰਨ ਦੇ ਸਵੱਛਤਾ ਲਈ ਪੈਨਸ਼ਨਰਾਂ ਨੂੰ ਬੂਟੇ ਵੰਡੇ ਗਏ।ਸੇਬੀ ਵੱਲੋਂ ਆਏ ਵਿੱਤੀ ਐਕਸਪਰਟ ਨੇ ਨਿਵੇਸ਼ ਕਰਨ ਲਈ ਭਰੋਸੇਯੋਗ ਅਦਾਰਿਆਂ ਬਾਰੇ ਬਹੁਤ ਹੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਕਾਮਰੇਡ ਸੁਖਵੀਰ ਧੂਰੀ, ਮੋਹਨ ਸਿੰਘ ਧੂਰੀ,ਸੁਖਮਿੰਦਰ ਸਿੰਘ ਸੰਘੇੜਾ, ਗੁਰਮੀਤ ਸਿੰਘ ਕਾਹਲੋ, ਪੀਕੇ ਗਰਗ, ਸ਼ਿਵਚਰਨ ਦਾਸ, ਰਾਮ ਚੰਦਰ, ਪੀਸੀ ਬਾਘਾ ਅਤੇ ਸ਼ਾਮ ਸੁੰਦਰ ਕਕੜ ਨੇ ਸਸਿੀਏ ਅਧਿਕਾਰੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ।ਸੀਸੀਏ ਅਧਿਕਾਰੀਆਂ ਵੱਲੋਂ ਅਸ਼ਵਨੀ ਕੁਮਾਰ, ਸੁਰਿੰਦਰ ਪਾਲ ਅਤੇ ਨਵਨੀਤ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਵਲੋਂ ਪ੍ਰੈਸ ਵਿੱਚ ਕਵਰੇਜ਼ ਦੇਣ ਲਈ ਨੰਦ ਲਾਲ ਗਾਂਧੀ, ਸਤਿਅਮ ਵਰਮਾ ਅਤੇ ਰਾਣਾ ਸਿੰਘ ਰਟੌਲ ਨੂੰ ਸਨਮਾਨਿਤ ਕੀਤਾ ਗਿਆ।



# ਭਾਰਤ ਅਤੇ ਓਮਾਨ ਵਿਚਾਲੇ Free Trade Agreement 'ਤੇ ਦਸਤਖ਼ਤ

**ਓਮਾਨ ਸਾਂਝੀ ਸੋਚ ਬਿਊਰੋ**

ਭਾਰਤ ਅਤੇ ਓਮਾਨ ਵਿਚਕਾਰ ਇੱਕ ਵਪਾਰ ਸਮਝੌਤੇ ‘ਤੇ ਹਸਤਾਖਰ ਕੀਤੇ ਗਏ ਹਨ। ਇਸ ਸਮਝੌਤੇ ਦਾ ਸਿੱਧਾ ਲਾਭ ਭਾਰਤ ਦੇ ਟੈਕਸਟਾਈਲ, ਫੁੱਟਵੀਅਰ, ਆਟੋਮੋਬਾਈਲ, ਗਹਿਣੇ, ਨਵਿਆਉਣਯੋਗ ਊਰਜਾ ਅਤੇ ਆਟੋ ਕੰਪੋਨੈਂਟਸ ਵਰਗੇ ਖੇਤਰਾਂ ਨੂੰ ਹੋਵੇਗਾ।

ਇਹ ਸਮਝੌਤਾ ਅਗਲੇ ਵਿੱਤੀ ਸਾਲ ਦੀ ਪਹਿਲੀ ਤਿਮਾਹੀ ਤੋਂ ਲਾਗੂ ਹੋਣ ਦੀ ਸੰਭਾਵਨਾ ਹੈ ਅਤੇ ਇਹ ਅਜਿਹੇ ਸਮੇਂ ਵਿੱਚ ਹੋਇਆ ਹੈ ਜਦੋਂ ਭਾਰਤ ਅਮਰੀਕਾ ਵਿੱਚ 50 ਪ੍ਰਤੀਸ਼ਤ ਤੱਕ ਦੇ ਉੱਚ ਟੈਰਿਫ ਦਾ ਸਾਹਮਣਾ ਕਰ ਰਿਹਾ ਹੈ।

ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨੇ ਕਿਹਾ ਕਿ ਭਾਰਤ ਅਤੇ ਓਮਾਨ ਵਿਚਕਾਰ ਇੱਕ ਮੁਕਤ ਵਪਾਰ ਸਮਝੌਤੇ ‘ਤੇ ਦਸਤਖਤ ਨਾਲ ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਸਬੰਧਾਂ ਨੂੰ ਮਜ਼ਬੂਤ ਹੋਣਗੇ ਅਤੇ ਇਹ ਮੁੱਖ ਖੇਤਰਾਂ ਵਿੱਚ ਨਵੇਂ ਮੌਕੇ ਖੋਲ੍ਹੇਗਾ।ਦੱਸ ਦਈਏ ਕਿ ਇੱਕ ਐਫਟੀਏ ਇੱਕ ਕਿਸਮ ਦੀ ਸੰਧੀ ਹੈ ਜਿੱਥੇ ਦੋ ਜਾਂ ਦੋ ਤੋਂ ਵੱਧ ਦੇਸ਼ ਇੱਕ ਸਮਝੌਤਾ ਕਰਦੇ ਹਨ ਅਤੇ ਇੱਕ ਦੂਜੇ ਦੇ ਵਪਾਰ ‘ਤੇ ਟੈਕਸ ਨਾ ਲਗਾਉਣ ਲਈ ਸਹਿਮਤ ਹੁੰਦੇ ਹਨ।ਇਸ ਸੰਧੀ ਦੇ ਤਹਿਤ, ਦੋਵੇਂ ਦੇਸ਼ ਦੋਵਾਂ ਦੇਸ਼ਾਂ ਵਿਚਕਾਰ ਵਪਾਰਕ ਰੁਕਾਵਟਾਂ ਨੂੰ ਘਟਾਉਣ ਜਾਂ ਖਤਮ ਕਰਨ ਦੀ ਕੋਸ਼ਿਸ਼ ਕਰਦੇ ਹਨ।

ਹਾਲਾਂਕਿ, ਮੁਕਤ ਵਪਾਰ ਸਮਝੌਤੇ ਜ਼ਰੂਰੀ ਨਹੀਂ ਕਿ ਟੈਕਸਾਂ ਨੂੰ ਪੂਰੀ ਤਰ੍ਹਾਂ ਖਤਮ ਕਰ ਦੇਣ। ਕਈ ਵਾਰ, ਉਹਨਾਂ ਨੂੰ ਘਟਾ ਵੀ ਦਿੱਤਾ ਜਾਂਦਾ ਹੈ। ਭਾਰਤ ਅਤੇ ਓਮਾਨ ਵਿਚਕਾਰ ਇੱਕ ਢਠਅ ਹੈ। ਇਸ ਨਾਲ ਓਮਾਨ ਤੋਂ ਆਉਣ ਵਾਲੀਆਂ ਚੀਜ਼ਾਂ ਭਾਰਤ ਵਿੱਚ ਸਸਤੀਆਂ ਹੋ ਜਾਣਗੀਆਂ। ਇਸ ਮੁਕਤ ਵਪਾਰ ਸਮਝੌਤੇ ਦੇ ਤਹਿਤ, ਦੋਵਾਂ ਦੇਸ਼ਾਂ ਵਿਚਕਾਰ ਵਪਾਰ ‘ਤੇ ਟੈਕਸ ਅਤੇ ਟੈਰਿਫ ਘਟਾਏ ਜਾਣਗੇ ਜਾਂ ਖਤਮ ਕੀਤੇ ਜਾਣਗੇ।ਓਮਾਨ ਤੋਂ ਭਾਰਤ ਦੇ ਮੁੱਖ ਆਯਾਤ ਪੈਟਰੋਲੀਅਮ ਅਤੇ ਯੂਰੀਆ ਹਨ।

ਭਾਰਤ ਓਮਾਨ ਤੋਂ ਪ੍ਰੋਪੀਲੀਨ, ਈਥੀਲੀਨ ਪੋਲੀਮਰ, ਪੇਟ ਕੋਕ, ਜਿਪਸਮ, ਰਸਾਇਣ, ਲੋਹਾ ਅਤੇ ਸਟੀਲ, ਅਤੇ ਅਪਰਿਫਾਇੰਡ ਐਲੂਮੀਨੀਅਮ ਵੀ ਆਯਾਤ ਕਰਦਾ ਹੈ। ਭਾਰਤ ਓਮਾਨ ਨੂੰ ਖਣਿਜ ਬਾਲਣ, ਰਸਾਇਣ, ਕੀਮਤੀ ਧਾਤਾਂ, ਲੋਹਾ ਅਤੇ ਸਟੀਲ, ਅਨਾਜ, ਜਹਾਜ਼, ਬਿਜਲੀ ਮਸ਼ੀਨਰੀ, ਬਾਇਲਰ, ਚਾਹ, ਕੌਫੀ, ਮਸਾਲੇ, ਕੱਪੜਾ ਅਤੇ ਭੋਜਨ ਵਸਤੂਆਂ ਦਾ ਨਿਰਯਾਤ ਕਰਦਾ ਹੈ।

# ਭਾਰਤ ਵੱਲੋਂ ਸ਼੍ਰੀਲੰਕਾ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਰਾਹਤ ਸਮੱਗਰੀ ਪਹੁੰਚਾਉਣਾ ਜਾਰੀ

**ਕੋਲੰਬੀਆ ਸਾਂਝੀ ਸੋਚ ਬਿਊਰੋ**

ਭਾਰਤ ਨੇ ਵੀਰਵਾਰ ਨੂੰ ਹੜ੍ਹ ਪ੍ਰਭਾਵਿਤ ਸ਼੍ਰੀਲੰਕਾ ਦੇ ਵੱਖ-ਵੱਖ ਖੇਤਰਾਂ ਵਿੱਚ ਰਾਹਤ ਸਮੱਗਰੀ ਪਹੁੰਚਾਉਣਾ ਜਾਰੀ ਰੱਖਿਆ, ਜੋ ਕਿ ਚੱਲ ਰਹੇ ਆਪ੍ਰੇਸ਼ਨ ਸਾਗਰ ਬੰਧੂ ਦੌਰਾਨ ਸੰਕਟ ਦੇ ਸਮੇਂ ਗੁਆਂਢੀ ਦੇਸ਼ ਦੀ ਸਹਾਇਤਾ ਕਰਨ ਦੀ ਆਪਣੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।ਸ਼੍ਰੀਲੰਕਾ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਸੰਤੋਸ਼ ਝਾਅ ਨੇ ਵੀਰਵਾਰ ਨੂੰ ਕੋਲੰਬੋ ਦੇ ਕੋਲੋਨਨਾਵਾ ਉਪਨਗਰ ਅਤੇ ਵਾਟਾਲਾ ਵਿੱਚ ਭਗਤੀਵੇਦਾਂਤਾ ਚਿਲਡਰਨ ਹੋਮ ‘ਗੋਕੁਲਮ’ ਦਾ ਦੌਰਾ ਕੀਤਾ ਉਹ ਖੇਤਰ ਜੋ ਚੱਕਰਵਾਤ ਦਿਤਵਾਹਦੇ ਮੱਦੇਨਜ਼ਰ ਹੜ੍ਹਾਂ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ।ਟਾਪੂ ਦੇਸ਼ ਨੂੰ ਭਾਰਤ ਦੀ ਨਿਰੰਤਰ ਸਹਾਇਤਾ ਦੇ ਹਿੱਸੇ ਵਜੋਂ, ਹਾਈ ਕਮਿਸ਼ਨਰ ਝਾਅ ਨੇ ਆਲ ਸਿਲੋਨ ਸੂਫੀ ਸਪਿਰਚੁਅਲ ਐਸੋਸੀਏਸ਼ਨ ਦੇ ਤਾਲਮੇਲ ਵਿੱਚ ਕੋਲੋਨਨਾਵਾ ਵਿੱਚ ਪਰਿਵਾਰਾਂ ਅਤੇ ਕੋਲੰਬੋ ਦੇ ਇਸਕੋਨ ਮੰਦਰ ਵਿੱਚ ‘ਗੋਕੁਲਮ’ ਦੇ ਬੱਚਿਆਂ ਵਿੱਚ ਸਹਾਇਤਾ ਕਿੱਟਾਂ ਵੰਡੀਆਂ,



ਜਿੱਥੇ ਉਨ੍ਹਾਂ ਨੂੰ ਤਬਦੀਲ ਕੀਤਾ ਗਿਆ ਹੈ।ਇਸ ਹਫ਼ਤੇ ਦੇ ਸ਼ੁਰੂ ਵਿੱਚ, ਸ਼੍ਰੀਲੰਕਾ ਨੂੰ ਤਾਜ਼ਾ ਰਾਹਤ ਸਮੱਗਰੀ ਪਹੁੰਚਾਈ ਗਈ ਕਿਉਂਕਿ ਆਪ੍ਰੇਸ਼ਨ ਸਾਗਰ ਬੰਧੂ ਦੇ ਤਹਿਤ ਭਾਰਤ ਦੀ ਬਹੁ-ਆਯਾਮੀ ਸਹਾਇਤਾ ਜਾਰੀ ਹੈ।ਭਾਰਤੀ ਹਾਈ ਕਮਿਸ਼ਨ ਦੇ ਅਨੁਸਾਰ, ਭਾਰਤ ਤੋਂ 50 ਹੋਰ ਟਨ ਸੁੱਕੇ ਰਾਸ਼ਨ ਦੀ ਇੱਕ ਹੋਰ ਖੇਪ 15 ਦਸੰਬਰ ਨੂੰ ਭਾਰਤੀ ਤੱਟ ਰੱਖਿਅਕ ਜਹਾਜ਼ ਸ਼ੌਰਿਆ ਰਾਹੀਂ ਸ਼੍ਰੀਲੰਕਾ ਪਹੁੰਚੀ। ਇਹ ਸਪਲਾਈ ਭਾਰਤ ਦੇ ਡਿਪਟੀ ਹਾਈ ਕਮਿਸ਼ਨਰ ਸਤਯੰਜਲ ਪਾਂਡੇ ਦੁਆਰਾ ਬੰਦਰਗਾਹਾਂ ਅਤੇ ਸ਼ਹਿਰੀ ਹਵਾਬਾਜ਼ੀ ਦੇ ਉਪ ਮੰਤਰੀ ਜਨੀਤਾ ਰੁਵਾਨ ਕੋਡਿਥੁਵੱਕੂ ਨੂੰ ਸੌਂਪੀ ਗਈ, ਅਤੇ ਆਫ਼ਤ ਪ੍ਰਭਾਵਿਤ ਭਾਈਚਾਰਿਆਂ ਲਈ ਚੱਲ ਰਹੀ ਸਹਾਇਤਾ ਨੂੰ ਮਜ਼ਬੂਤ ਕੀਤਾ ਗਿਆ।ਇਸ ਤੋਂ ਪਹਿਲਾਂ, 14 ਦਸੰਬਰ ਨੂੰ, ਭਾਰਤੀ ਹਵਾਈ ਸੈਨਾ ਦਾ ਇੱਕ ਸੀ-17 ਗਲੋਬਮਾਸਟਰ ਜਹਾਜ਼ ਸ਼੍ਰੀਲੰਕਾ ਪਹੁੰਚਿਆ, ਜਿਸ ਵਿੱਚ 10 ਟਨ ਦਵਾਈਆਂ ਅਤੇ 15 ਟਨ ਸੁੱਕਾ ਰਾਸ਼ਨ ਪਹੁੰਚਾਇਆ ਗਿਆ, ਜਦੋਂ ਕਿ ਭਾਰਤੀ ਫੌਜ ਦੇ ਫੀਲਡ ਹਸਪਤਾਲ ਟੀਮ ਦੀ ਵਾਪਸੀ ਦੀ ਸਹੂਲਤ ਵੀ ਦਿੱਤੀ ਗਈ, ਜੋ ਕਿ ਕੈਂਡੀ ਦੇ ਨੇੜੇ ਮਾਹੀਆਗਨਯਾ ਵਿੱਚ ਸਥਾਪਤ ਕੀਤੀ ਗਈ ਸੀ, ਆਪਣੇ ਮਾਨਵਤਾਵਾਦੀ ਮਿਸ਼ਨ ਦੇ ਸਫਲਤਾਪੂਰਵਕ ਸੰਪੂਰਨ ਹੋਣ ਤੋਂ ਬਾਅਦ।ਭਾਰਤੀ ਹਾਈ ਕਮਿਸ਼ਨ ਨੇ ਬੁੱਧਵਾਰ ਨੂੰ ਕਿਹਾ “ਨਾਜ਼ੁਕ ਸੜਕ ਸੰਪਰਕ ਨੂੰ ਬਹਾਲ ਕਰਨ ਦੇ ਯਤਨ ਲਗਾਤਾਰ ਜਾਰੀ ਹਨ। ਚਿਲਾਵ ਅਤੇ ਕਿਲੀਨੋਚੀ ਵਿੱਚ ਪੁਲ ਸਥਾਨਾਂ ‘ਤੇ ਤਿਆਰੀ ਦੀਆਂ ਗਤੀਵਿਧੀਆਂ ਚੱਲ ਰਹੀਆਂ ਹਨ, ਨੁਕਸਾਨੇ ਗਏ ਕਿਲੀਨੋਚੀ ਪੁਲ ਨੂੰ ਪੂਰੀ ਤਰ੍ਹਾਂ ਸਾਫ਼ ਕੀਤਾ ਗਿਆ ਹੈ ਅਤੇ ਇੱਕ ਬੇਲੀ ਬ੍ਰਿਜ ਦੀ ਸਥਾਪਨਾ ਲਈ ਤਿਆਰ ਹੈ, ਜਿਸ ਨਾਲ ਖੇਤਰ ਵਿੱਚ ਸੁਚਾਰੂ ਆਵਾਜਾਈ ਅਤੇ ਬਿਹਤਰ ਪਹੁੰਚ ਦੀ ਸਹੂਲਤ ਮਿਲਦੀ ਹੈ,” ।

# ਦੱਖਣੀ ਅਫ਼ਰੀਕਾ ਦੇ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਇੱਕ ਅਮਰੀਕੀ ਸ਼ਰਨਾਰਥੀ ਪ੍ਰੋਸੈਸਿੰਗ ਸੈਂਟਰ 'ਤੇ ਛਾਪਾ ਮਾਰਿਆ


**ਜੋਹਾਨਸਬਰਗ ਸਾਂਝੀ ਸੋਚ ਬਿਊਰੋ**

ਦੱਖਣੀ ਅਫ਼ਰੀਕਾ ਦੇ ਗ੍ਰਹਿ ਮਾਮਲਿਆਂ ਦੇ ਮੰਤਰਾਲੇ ਨੇ ਬੁੱਧਵਾਰ ਨੂੰ ਕਿਹਾ ਕਿ ਦੱਖਣੀ ਅਫ਼ਰੀਕਾ ਵਿੱਚ ਸੰਯੁਕਤ ਰਾਜ ਦੇ ਸ਼ਰਨਾਰਥੀ ਪ੍ਰੋਗਰਾਮ ਲਈ ਅਰਜ਼ੀਆਂ ਦੀ ਪ੍ਰਕਿਰਿਆ ਕਰਨ ਵਾਲੇ ਇੱਕ ਕੇਂਦਰ ‘ਤੇ ਇਮੀਗ੍ਰੇਸ਼ਨ ਅਤੇ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਨੇ ਛਾਪਾ ਮਾਰਿਆ ਅਤੇ ਸੱਤ ਕੀਨੀਆਈ ਨਾਗਰਿਕਾਂ ਨੂੰ ਉੱਥੇ ਗੈਰ-ਕਾਨੂੰਨੀ ਤੌਰ ‘ਤੇ ਕੰਮ ਕਰਨ ਲਈ ਗ੍ਰਿਫਤਾਰ ਕੀਤਾ ਗਿਆ।

ਜੋਹਾਨਸਬਰਗ ਵਿੱਚ ਕੇਂਦਰ ਟਰੰਪ ਪ੍ਰਸ਼ਾਸਨ ਦੇ ਨਵੇਂ ਪ੍ਰੋਗਰਾਮ ਦੇ ਤਹਿਤ ਗੋਰੇ ਦੱਖਣੀ ਅਫ਼ਰੀਕੀ ਲੋਕਾਂ ਦੀਆਂ ਅਰਜ਼ੀਆਂ ਦੀ ਪ੍ਰਕਿਰਿਆ ਕਰ ਰਿਹਾ ਸੀ ਜੋ ਉਨ੍ਹਾਂ ਨੂੰ ਅਮਰੀਕਾ ਵਿੱਚ ਸ਼ਰਨਾਰਥੀ ਦਰਜੇ ਲਈ ਤਰਜੀਹ ਦਿੰਦਾ ਹੈ।ਗ੍ਰਹਿ ਮਾਮਲਿਆਂ ਦੇ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਕੀਨੀਆਈ ਲੋਕ ਸੈਲਾਨੀ ਵੀਜ਼ਿਆਂ ‘ਤੇ ਦੱਖਣੀ ਅਫ਼ਰੀਕਾ ਵਿੱਚ ਦਾਖਲ ਹੋਣ ਦੇ ਬਾਵਜੂਦ ਅਮਰੀਕੀ ਅਧਿਕਾਰੀਆਂ ਦੇ ਨਾਲ ਕੇਂਦਰ ਵਿੱਚ ਕੰਮ ਕਰ ਰਹੇ ਸਨ, ਜਿਸ ਕਾਰਨ ਉਨ੍ਹਾਂ ਨੂੰ ਕੰਮ ਕਰਨ ਦੀ ਇਜਾਜ਼ਤ ਨਹੀਂ ਸੀ। ਇਸ ਵਿੱਚ ਕਿਹਾ ਗਿਆ ਹੈ ਕਿ ਮੰਗਲਵਾਰ ਨੂੰ ਛਾਪੇਮਾਰੀ ਵਿੱਚ ਕਿਸੇ ਵੀ ਅਮਰੀਕੀ ਅਧਿਕਾਰੀ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਅਤੇ ਇਹ ਕੋਈ ਕੂਟਨੀਤਕ ਸਥਾਨ ਨਹੀਂ ਸੀ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਜਦੋਂ ਤੋਂ ਉਹ ਅਹੁਦੇ ‘ਤੇ ਵਾਪਸ ਆਏ ਹਨ, ਉਨ੍ਹਾਂ ਨੇ ਦੱਖਣੀ ਅਫ਼ਰੀਕਾ ਦੀ ਸਰਕਾਰ ਦੀ ਖਾਸ ਤੌਰ ‘ਤੇ ਆਲੋਚਨਾ ਕੀਤੀ ਹੈ, ਇਹ ਦਾਅਵਾ ਕੀਤਾ ਹੈ ਕਿ ਦੇਸ਼ ਆਪਣੀ ਗੋਰੀ ਅਫ਼ਰੀਕੀ ਘੱਟ ਗਿਣਤੀ ਨੂੰ ਹਿੰਸਕ ਤੌਰ ‘ਤੇ ਸਤਾ ਰਿਹਾ ਹੈ ਅਤੇ ਅਮਰੀਕਾ ਵਿਰੋਧੀ ਵਿਦੇਸ਼ ਨੀਤੀ ਵੀ ਅਪਣਾ ਰਿਹਾ ਹੈ।ਦੱਖਣੀ ਅਫ਼ਰੀਕਾ ਵਿੱਚ ਅਫ਼ਰੀਕਨਾਂ ਨਾਲ ਕੀਤੇ ਗਏ ਸਲੂਕ ਬਾਰੇ ਟਰੰਪ ਦੇ ਵਿਆਪਕ ਤੌਰ ‘ਤੇ ਰੱਦ ਕੀਤੇ ਗਏ ਦਾਅਵਿਆਂ ਕਾਰਨ ਉਨ੍ਹਾਂ ਦੇ ਪ੍ਰਸ਼ਾਸਨ ਨੇ ਅਮਰੀਕਾ ਵਿੱਚ ਉਨ੍ਹਾਂ ਨੂੰ ਸ਼ਰਨਾਰਥੀ ਦਰਜਾ ਦੇਣ ਵਾਲਾ ਪ੍ਰੋਗਰਾਮ ਸਥਾਪਤ ਕੀਤਾ।ਦੱਖਣੀ ਅਫ਼ਰੀਕਾ ਦੀ ਸਰਕਾਰ ਨੇ ਕਿਹਾ ਹੈ ਕਿ ਗੋਰੇ ਦੱਖਣੀ ਅਫ਼ਰੀਕੀ ਲੋਕ ਸ਼ਰਨਾਰਥੀ ਦਰਜੇ ਦੇ ਮਾਪਦੰਡਾਂ ਨੂੰ ਪੂਰਾ ਨਹੀਂ ਕਰਦੇ ਕਿਉਂਕਿ ਕੋਈ ਅਤਿਆਚਾਰ ਨਹੀਂ ਹੁੰਦਾ ਪਰ ਇਹ ਕਹਿੰਦਾ ਹੈ ਕਿ ਇਹ ਉਨ੍ਹਾਂ ਨੂੰ ਅਮਰੀਕੀ ਪ੍ਰੋਗਰਾਮ ਦੇ ਤਹਿਤ ਮੁੜ ਵਸੇਬੇ ਲਈ ਅਰਜ਼ੀ ਦੇਣ ਤੋਂ ਨਹੀਂ ਰੋਕੇਗਾ।ਦੱਖਣੀ ਅਫ਼ਰੀਕਾ ਦੇ ਗ੍ਰਹਿ ਮਾਮਲਿਆਂ ਦੇ ਮੰਤਰਾਲੇ ਨੇ ਤੁਰੰਤ ਇਹ ਨਹੀਂ ਦੱਸਿਆ ਕਿ ਕੀਨੀਆ ਦੇ ਲੋਕ ਕਿਸ ਲਈ ਕੰਮ ਕਰਦੇ ਸਨ, ਪਰ ਅਮਰੀਕੀ ਸਰਕਾਰ ਨੇ ਦੱਖਣੀ ਅਫ਼ਰੀਕਾ ਵਿੱਚ ਅਮਰੀਕੀ ਦੂਤਾਵਾਸ ਦੇ ਅਨੁਸਾਰ, ਕੀਨੀਆ-ਅਧਾਰਤ ਕੰਪਨੀ, ਆਰਐਸਸੀ ਅਫਰੀਕਾ ਨਾਲ ਗੋਰੇ ਦੱਖਣੀ ਅਫ਼ਰੀਕੀ ਲੋਕਾਂ ਦੁਆਰਾ ਸ਼ਰਨਾਰਥੀ ਅਰਜ਼ੀਆਂ ਦੀ ਪ੍ਰਕਿਰਿਆ ਕਰਨ ਲਈ ਸਮਝੌਤਾ ਕੀਤਾ।ਆਰਐਸਸੀ ਚਰਚ ਵਰਲਡ ਸਰਵਿਸ ਦੁਆਰਾ ਚਲਾਇਆ ਜਾਂਦਾ ਹੈ, ਜੋ ਕਿ ਇੱਕ ਅਮਰੀਕੀ-ਅਧਾਰਤ ਗੈਰ-ਸਰਕਾਰੀ ਸੰਗਠਨ ਹੈ ਜੋ ਦੁਨੀਆ ਭਰ ਵਿੱਚ ਮਾਨਵਤਾਵਾਦੀ ਸਹਾਇਤਾ ਅਤੇ ਸ਼ਰਨਾਰਥੀ ਸਹਾਇਤਾ ਪ੍ਰਦਾਨ ਕਰਦਾ ਹੈ।


ਗੁਰਦੁਆਰਾ ਸਾਹਿਬ ਸੈਨ ਹੋਜ਼ੇ
ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵੱਲੋਂ
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਗੁਰਪੁਰਬ ਦੀਆਂ ਖੁਸ਼ੀਆਂ ਮਨਾਉਂਦੇ ਹੋਏ
ਪ੍ਰਭਾਤ ਫੇਰੀਆਂ ਦਾ ਵਿਸ਼ੇਸ਼ ਪ੍ਰੋਗਰਾਮ ਬੜੇ ਸਤਿਕਾਰ ਅਤੇ ਪਿਆਰ ਨਾਲ ਰੱਖਿਆ ਗਿਆ ਹੈ
ਸਾਰੀ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ
18 ਦਸੰਬਰ ਤੋਂ 27 ਦਸੰਬਰ 2025 ਤੱਕ
ਰੋਜ਼ਾਨਾ ਸਵੇਰੇ 4:30 ਵਜੇ ਤੋਂ 5:30 ਵਜੇ
ਪ੍ਰਭਾਤ ਫੇਰੀਆਂ ਵਿੱਚ ਹਾਜ਼ਰੀ ਲਵਾ ਕੇ ਗੁਰੂਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ
3636 Gurdwara Ave, San Jose, CA 95148, United States
www.sanjosegurdwara.org
(408) 274-9373


Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# 8000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

ਹੁਸ਼ਿਆਰਪੁਰ
ਸਾਂਝੀ ਸੋਚ ਬਿਊਰੋ



ਭ੍ਰਿਸ਼ਟਾਚਾਰ ਵਿਰੁੱਧ ਆਪਣੀ ਅਣਥੱਕ ਮੁਹਿੰਮ ਨੂੰ ਜਾਰੀ ਰੱਖਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪਟਵਾਰ ਸਰਕਲ ਬਡਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਤਾਇਨਾਤ ਰਾਮ ਸਿੰਘ ਪਟਵਾਰੀ ਨੂੰ ਸ਼ਿਕਾਇਤਕਰਤਾ ਤੋਂ 8000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਦੱਸਣਯੋਗ ਹੈ ਕਿ ਮੁਲਜ਼ਮ ਵੱਲੋ ਇਹ ਰਿਸ਼ਵਤ ਬਡਾਲਾ ਪਿੰਡ ਵਿਖੇ ਸ਼ਿਕਾਇਤਕਰਤਾ ਦੀ ਜੱਦੀ ਜ਼ਮੀਨ ਦਾ ਇੰਤਕਾਲ ਕਰਨ ਬਦਲੇ ਮੰਗੀ ਗਈ ਸੀ।ਅੱਜ ਇੱਥੇ ਇਸ ਬਾਰੇ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਵਾਸੀ ਚਿੰਤਪੁਰਨੀ ਰੋਡ ਹੁਸ਼ਿਆਰਪੁਰ ਦਾ ਵਸਨੀਕ ਹੈ ਤੇ ਉਸ ਵੱਲੋਂ ਉਸਦੇ ਪਿਤਾ ਦੀ ਮੌਤ ਤੋਂ ਬਾਅਦ, ਪਿੰਡ ਬਡਾਲਾ, ਤਹਿਸੀਲ ਦਸੂਹਾ ਵਿਖੇ ਸਥਿਤ ਜੱਦੀ ਜਾਇਦਾਦ ਦੇ ਇੰਤਕਾਲ ਸਬੰਧੀ ਅਰਜ਼ੀ ਸੇਵਾ ਕੇਂਦਰ, ਦਸੂਹਾ ਵਿਖੇ ਜਮ੍ਹਾਂ ਕਰਵਾਈ ਗਈ ਸੀ।

ਉਨ੍ਹਾਂ ਅੱਗੇ ਕਿਹਾ ਕਿ ਮੁਲਜ਼ਮ ਪਟਵਾਰੀ ਨੇ ਸ਼ਿਕਾਇਤਕਰਤਾ ਨੂੰ ਦੱਸਿਆ ਕਿ ਸਰਕਾਰੀ ਫੀਸ 1200/- ਰੁਪਏ ਹੈ, ਜਿਸਦੇ ਬਾਵਜੂਦ ਵੀ ਉਸਨੇ ਸ਼ਿਕਾਇਤਕਰਤਾ ਦੀ ਜ਼ਮੀਨ ਦਾ ਇੰਤਕਾਲ ਕਰਨ ਲਈ 8,000 ਰੁਪਏ ਦੀ ਗੈਰ-ਕਾਨੂੰਨੀ ਰਿਸ਼ਵਤ ਮੰਗੀ।

ਜਿਸਦੀ ਸਾਰੀ ਗੱਲਬਾਤ ਸ਼ਿਕਾਇਤਕਰਤਾ ਨੇ ਰਿਕਾਰਡ ਕਰ ਲਈ। ਸ਼ਿਕਾਇਤਕਰਤਾ ਦੀ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਨੇ ਵਿਜੀਲੈਂਸ ਬਿਊਰੋ ਯੂਨਿਟ ਜਲੰਧਰ ਵਿਖੇ ਸ਼ਿਕਾਇਤਕਰਤਾ ਦਾ ਬਿਆਨ ਦਰਜ ਕੀਤਾ ਅਤੇ ਦੋਸ਼ਾਂ ਦੀ ਪੁਸ਼ਟੀ ਤੋਂ ਬਾਅਦ ਵਿਜੀਲੈਂਸ ਦੀ ਟੀਮ ਨੇ ਜਾਲ ਵਿਛਾਇਆ ਅਤੇ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 8000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਪੁਲਿਸ ਥਾਣਾ ਵਿਜੀਲੈਂਸ ਬਿਊਰੋ, ਜਲੰਧਰ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# 'ਯੁੱਧ ਨਸ਼ਿਆਂ ਵਿਰੁੱਧ': 292ਵੇਂ ਦਿਨ, ਪੰਜਾਬ ਪੁਲਿਸ ਨੇ 51 ਨਸ਼ਾ ਤਸਕਰਾਂ ਨੂੰ 3.9 ਕਿਲੋਗ੍ਰਾਮ ਹੈਰੋਇਨ, 500 ਗ੍ਰਾਮ ਅਫ਼ੀਮ ਸਮੇਤ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਲਗਾਤਾਰ 292ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 268 ਥਾਵਾਂ 'ਤੇ ਛਾਪੇਮਾਰੀ ਕੀਤੀ ਜਿਸ ਨਾਲ ਸੂਬੇ ਭਰ ਵਿੱਚ 51 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਉਪਰੰਤ 40 ਐਫਆਈਆਰਜ਼ ਦਰਜ ਕੀਤੀਆਂ । ਇਸ ਦੇ ਨਾਲ, 292 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 40,623 ਹੋ ਗਈ ਹੈ।

ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 3.9 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 165 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 8190 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।54 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 268 ਛਾਪੇ ਮਾਰੇ ਹਨ। ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 253 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ।

ਸੂਬਾ ਸਰਕਾਰ ਨੇ ਰਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ ਲਾਗੂ ਕੀਤੀ ਹੈ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 17 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਪ੍ਰਧਾਨ ਮੰਤਰੀ ਮੋਦੀ ਨੂੰ ਮਿਲਿਆ ਇੱਕ ਹੋਰ ਸਰਵਉੱਚ ਨਾਗਰਿਕ ਸਨਮਾਨ
## ਓਮਾਨ 'ਚ ਪੀਐਮ ਮੋਦੀ 'ਆਰਡਰ ਆਫ਼ ਓਮਾਨ' ਨਾਲ ਸਨਮਾਨਿਤ



ਓਮਾਨ
ਸਾਂਝੀ ਸੋਚ ਬਿਊਰੋ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਹੋਰ ਸਰਵਉੱਚ ਸਨਮਾਨ ਦਿੱਤਾ ਗਿਆ ਹੈ। ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਓਮਾਨ ਨੇ ਉਨ੍ਹਾਂ ਨੂੰ 'ਆਰਡਰ ਆਫ਼ ਓਮਾਨ' ਨਾਲ ਸਨਮਾਨਿਤ ਕੀਤਾ ਹੈ। ਓਮਾਨ ਦੇ ਸੁਲਤਾਨ ਹੈਥਮ ਬਿਨ ਤਾਰਿਕ ਅਲ ਸੈਦ ਨੇ ਰਾਜਧਾਨੀ ਮਸਕਟ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਰਡਰ ਆਫ਼ ਓਮਾਨ ਨਾਲ ਸਨਮਾਨਿਤ ਕੀਤਾ ਹੈ।

ਪ੍ਰਧਾਨ ਮੰਤਰੀ ਮੋਦੀ ਇਸ ਸਨਮਾਨ ਸਣੇ ਦੂਜੇ ਦੇਸ਼ਾਂ ਦੇ 28 ਤੋਂ ਵੱਧ ਸਰਵਉੱਚ ਨਾਗਰਿਕ ਸਨਮਾਨਾਂ ਦੇ ਨਾਲ ਨਿਵਾਜਿਆ ਜਾ ਚੁੱਕਾ ਹੈ।ਦੱਸ ਦਈਏ ਕਿ ਪ੍ਰਧਾਨ ਮੰਤਰੀ ਮੋਦੀ ਇਸ ਸਮੇਂ ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਪੜਾਅ ਓਮਾਨ ਦੇ ਦੌਰੇ 'ਤੇ ਹਨ ਅਤੇ ਅੱਜ ਭਾਰਤ ਵਾਪਸ ਆਉਣਗੇ। ਉਨ੍ਹਾਂ ਨੇ 15 ਤੋਂ 18 ਦਸੰਬਰ ਦੇ ਵਿਚਕਾਰ ਜਾਰਡਨ, ਇਥੋਪੀਆ ਅਤੇ ਓਮਾਨ ਦਾ ਦੌਰਾ ਕੀਤਾ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੂੰ ਇਥੋਪੀਆ ਵੱਲੋਂ "ਗ੍ਰੇਟ ਆਨਰ ਨਿਸ਼ਾ ਆਫ ਇਥੋਪੀਆ" ਨਾਲ ਵੀ ਸਨਮਾਨਿਤ ਕੀਤਾ ਗਿਆ ਸੀ। ਇਹ ਸਨਮਾਨ ਉਨ੍ਹਾਂ ਨੂੰ ਇਥੋਪੀਆ ਦੇ ਪ੍ਰਧਾਨ ਮੰਤਰੀ ਡਾ. ਅਬੀ ਅਹਿਮਦ ਅਲੀ ਨੇ ਭੇਟ ਕੀਤਾ।

Space available for Ad
Contact # +1 (209) 303-1260



ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ

# Indian & Fijian Grocery Store



**HOURS**
**10a.m - 8p.m**

(209) 486-8233



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ



ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |

Ria Money Transfer

INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ

**Address : 2015 Yosemite Blvd. Modesto CA**

Website : www.indianfijianstore.wixsite.com/my-site-1 @indianfijiangrocery

ਸਾਡੇ ਦੂਜੇ ਸਟੋਰ ਦਾ ਪਤਾ NAV INDIAN MERCHANDISE GROCERY STORE 3230 MITCHELL ROAD, STE, C, CERES, CA 95307

## ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੈਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੈਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ

**ਫੋਨ : (559) 653-8130, 774-243-4154**

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




**e-Baba Entertainment App ਨੂੰ Download ਕਰੋ।**

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




**ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।**


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN
FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# ਸਰਹੱਦ ਪਾਰੋਂ ਚੱਲ ਰਹੇ ਤਸਕਰੀ ਕਾਰਟੈਲ ਦਾ ਅੰਮ੍ਰਿਤਸਰ ਵਿੱਚ ਪਰਦਾਫਾਸ਼: 4.5 ਕਿਲੋ ਹੈਰੋਇਨ, ਇੱਕ ਪਿਸਤੌਲ ਸਮੇਤ ਤਿੰਨ ਗ੍ਰਿਫ਼ਤਾਰ

ਪਠਾਨਕੋਟ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਵਿੱਚ ਸ਼ਾਮਲ ਤਿੰਨ ਨਸ਼ਾ ਤਸਕਰਾਂ ਨੂੰ 4.5 ਕਿਲੋ ਹੈਰੋਇਨ ਅਤੇ ਇੱਕ .30 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਕਾਰਟੇਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਵਿੰਦਰ ਸਿੰਘ ਉਰਫ਼ ਗੋਪੀ (23) ਵਾਸੀ ਪਿੰਡ ਸ਼ਾਹਵਾਲਾ (ਫਿਰੋਜ਼ਪੁਰ), ਤਿਲਕ ਉਰਫ਼ ਸ਼ਿਬੂ (18) ਜੋ ਕਿ ਰਾਜੀਵ ਗਾਂਧੀ ਵਿਹਾਰ, ਜਲੰਧਰ ਦਾ ਵਸਨੀਕ ਹੈ ਪਰ ਮੌਜੂਦਾ ਸਮੇਂ ਦੌਰਾਨ ਅੰਮ੍ਰਿਤਸਰ ਦੇ ਮੁਸਤਫਾਬਾਦ ਵਿੱਚ ਰਹਿੰਦਾ ਹੈ ਅਤੇ ਦਲਜੀਤ ਸਿੰਘ ਉਰਫ਼ ਲਾਲਾ (20), ਜੋ ਕਿ ਪਿੰਡ ਨੌਸ਼ਹਿਰਾ ਢੱਲਾ ਦਾ ਰਹਿਣ ਵਾਲਾ ਹੈ ਅਤੇ ਮੌਜੂਦਾ ਸਮੇਂ ਦੌਰਾਨ ਅੰਮ੍ਰਿਤਸਰ ਦੇ ਪਿੰਡ ਮੁਸਤਫਾਬਾਦ ਵਿੱਚ ਰਹਿੰਦਾ ਹੈ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ ਅਤੇ ਉਸਦੇ ਨਿਰਦੇਸ਼ਾਂ 'ਤੇ, ਉਹ ਵੱਖ-ਵੱਖ ਥਾਵਾਂ 'ਤੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪਾਂ ਲਿਆਉਣ-ਲਿਜਾਣ ਅਤੇ ਅੱਗੇ ਸਪਲਾਈ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਪੁਲਿਸ ਕਮਿਸ਼ਨਰ (ਸੀ.ਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਮੁਲਜ਼ਮ ਗੁਰਵਿੰਦਰ ਸਿੰਘ ਉਰਫ਼ ਗੋਪੀ ਨੂੰ 1.5 ਕਿਲੋ ਹੈਰੋਇਨ ਅਤੇ ਇੱਕ .30 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਆਪਣੇ ਦੋ ਹੋਰ ਸਾਥੀਆਂ ਦੀ ਸ਼ਮੂਲੀਅਤ ਦਾ ਖੁਲਾਸਾ ਕੀਤਾ, ਜਿਸ ਨਾਲ ਹੋਰ ਬਰਾਮਦਗੀਆਂ ਹੋਈਆਂ।

ਭੁੱਲਰ ਨੇ ਕਿਹਾ ਕਿ ਉਕਤ ਦੇ ਖੁਲਾਸੇ ਦੇ ਆਧਾਰ 'ਤੇ, ਪੁਲਿਸ ਨੇ ਦੋ ਹੋਰ ਮੁਲਜ਼ਮਾਂ ਜਿਨ੍ਹਾਂ ਦੀ ਪਛਾਣ ਤਿਲਕ ਉਰਫ਼ ਸ਼ਿਬੂ ਅਤੇ ਦਲਜੀਤ ਸਿੰਘ ਉਰਫ਼ ਲਾਲਾ ਵਜੋਂ ਹੋਈ ਹੈ, ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3 ਕਿਲੋ ਹੋਰ ਹੈਰੋਇਨ ਬਰਾਮਦ ਕੀਤੀ। ਸੀ.ਪੀ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਫਿਰੋਜ਼ਪੁਰ ਵਿੱਚ ਸਰਹੱਦੀ ਖੇਤਰ ਦੇ ਨੇੜੇ ਰਿਹਾਇਸ਼ ਹੋਣ ਕਾਰਨ, ਮੁਲਜ਼ਮ ਗੁਰਵਿੰਦਰ ਸਿੰਘ ਉਰਫ਼ ਗੋਪੀ, ਫਿਰੋਜ਼ਪੁਰ ਖੇਤਰ ਵਿੱਚ ਡਰੋਨ ਡਰੌਪ ਰਾਹੀਂ ਨਸ਼ੀਲੇ ਪਦਾਰਥਾਂ ਦੀ



ਖੇਪ ਅਤੇ ਹੋਰ ਗੈਰ-ਕਾਨੂੰਨੀ ਖੇਪਾਂ ਪ੍ਰਾਪਤ ਕਰਨ ਵਿੱਚ ਸਰਗਰਮ ਸੀ। ਉਨ੍ਹਾਂ ਅੱਗੇ ਕਿਹਾ ਕਿ ਇਹ ਵੀ ਪਤਾ ਲੱਗਿਆ ਹੈ ਕਿ ਮੁਲਜ਼ਮ ਗੁਰਵਿੰਦਰ ਸਿੰਘ ਉਰਫ਼ ਗੋਪੀ ਖੇਪਾਂ ਪ੍ਰਾਪਤ ਕਰਨ ਲਈ ਇੱਕ ਵਿਦੇਸ਼ੀ ਤਸਕਰ ਨਾਲ ਸਿੱਧੇ ਤੌਰ 'ਤੇ ਸੰਪਰਕ ਵਿੱਚ ਸੀ।

ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਗੇਟ ਹਕੀਮਾ ਵਿਖੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21-ਸੀ ਅਤੇ 29 ਅਤੇ ਅਸਲਾ ਐਕਟ ਦੀ ਧਾਰਾ 25 (6, 7, 8) ਅਧੀਨ ਐਫ.ਆਈ.ਆਰ. ਨੰਬਰ 345 ਮਿਤੀ 12-12-2025 ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਸਾਲ 2025 ਦਾ ਲੇਖਾ-ਜੋਖਾ: ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ

# ਸਦੀਵੀ ਯਾਦਗਾਰ ਵਜੋਂ ਚੇਤਿਆਂ 'ਚ ਵਸਿਆ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ: ਸੌਂਦ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਨੂੰ ਸਾਲ 2025 ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਨੂੰ ਮਨਾਉਣ ਲਈ ਨੋਡਲ ਵਿਭਾਗ ਵਜੋਂ ਜ਼ਿੰਮੇਵਾਰੀ ਸੌਂਪੀ ਗਈ ਸੀ। ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸਬੰਧੀ ਕਰਵਾਏ ਸਮਾਗਮ ਸੰਗਤਾਂ ਦੇ ਚੇਤਿਆਂ ਵਿੱਚ ਸਦੀਵੀ ਵਸੇ ਰਹਿਣਗੇ। ਉਨ੍ਹਾਂ ਕਿਹਾ ਕਿ ਸਾਲ 2025 ਦੌਰਾਨ ਗੁਰੂ ਸਾਹਿਬ ਦੇ ਆਸ਼ੀਰਵਾਦ ਸਦਕਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਸਫਲ ਸਮਾਗਮਾਂ ਦੀ ਦੁਨੀਆਂ ਭਰ ਦੀ ਸੰਗਤ ਨੇ ਪ੍ਰਸ਼ੰਸਾ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਦੇ ਜੀਵਨ ਨੂੰ ਦਰਸਾਉਂਦੇ ਲਾਈਟ ਐਂਡ ਸਾਊਂਡ ਸ਼ੋਅ ਸਾਰੇ ਜ਼ਿਲ੍ਹਿਆਂ ਵਿੱਚ ਕਰਵਾਏ ਗਏ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਵਿਖੇ 20 ਤੋਂ 29 ਨਵੰਬਰ ਤੱਕ ਡਰੋਨ ਸ਼ੋਅ ਨੇ ਦੁਨੀਆਂ ਭਰ ਦੀ ਸੰਗਤ ਦਾ ਧਿਆਨ ਖਿੱਚਿਆ। 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਉੱਤੇ ਦੁਨੀਆਂ ਭਰ ਤੋਂ ਸੰਗਤ ਨੇ ਹਾਜ਼ਰੀ ਭਰੀ ਅਤੇ ਰਾਜ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਜਿਸ ਵਿੱਚ ਟੈਂਟ ਸਿਟੀ, ਸ਼ਟਲ ਬੱਸ ਸਰਵਿਸ, ਮੀਡੀਆ ਸੈਂਟਰ ਅਤੇ ਧਾਰਮਿਕ-ਸਮਾਜਿਕ ਸਮਾਗਮਾਂ ਦੀ ਸ਼ਲਾਘਾ ਕੀਤੀ।

ਸੌਂਦ ਨੇ ਦੱਸਿਆ ਕਿ ਗੁਰੂ ਸਾਹਿਬ ਨਾਲ ਸਬੰਧਤ ਸਮਾਗਮਾਂ ਦੀ ਸ਼ੁਰੂਆਤ 25 ਅਕਤੂਬਰ ਨੂੰ ਦਿੱਲੀ ਵਿੱਚ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਹੋਈ ਸੀ। ਇਸ ਤੋਂ ਬਾਅਦ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਤੋਂ ਇਲਾਵਾ ਹੋਰ ਧਾਰਮਿਕ ਤੇ ਸਿੱਖਿਅਕ ਸਮਾਗਮ ਕਰਵਾਏ ਗਏ। 18 ਨਵੰਬਰ ਨੂੰ ਸ੍ਰੀਨਗਰ (ਜੰਮੂ-ਕਸ਼ਮੀਰ) ਵਿੱਚ ਕੀਰਤਨ ਦਰਬਾਰ ਕਰਵਾਇਆ ਗਿਆ ਅਤੇ ਅਗਲੇ ਦਿਨ 19 ਨਵੰਬਰ ਨੂੰ ਉਥੋਂ ਨਗਰ ਕੀਰਤਨ ਸਜਾਇਆ ਗਿਆ। ਇਸ ਤੋਂ ਇਲਾਵਾ ਤਲਵੰਡੀ ਸਾਬੋ, ਫਰੀਦਕੋਟ ਤੇ ਗੁਰਦਾਸਪੁਰ ਤੋਂ ਵੀ ਨਗਰ ਕੀਰਤਨ ਸਜਾਏ ਗਏ। ਇਹ ਚਾਰੇ ਨਗਰ ਕੀਰਤਨ 22 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿੱਚ ਸੰਪੂਰਨ ਹੋਏ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਵਰੋਸਾਈ ਧਰਤੀ ਸ੍ਰੀ ਅਨੰਦਪੁਰ ਸਾਹਿਬ ਦੀ ਕਾਇਆ ਕਲਪ ਲਈ ਵੀ ਪੰਜਾਬ ਸਰਕਾਰ ਨੇ ਸਾਲ 2025 ਦੌਰਾਨ ਵੱਡੇ ਕਾਰਜ ਆਰੰਭੇ ਹਨ। ਸ੍ਰੀ ਅਨੰਦਪੁਰ ਸਾਹਿਬ



ਦੀ ਪਵਿੱਤਰ ਧਰਤੀ ਉੱਤੇ ਭਾਈ ਜੈਤਾ ਜੀ ਦੀ ਯਾਦਗਾਰ ਵਿੱਚ ਇਤਿਹਾਸ ਨੂੰ ਰੂਪਮਾਨ ਕਰਦੀਆਂ ਪੰਜ ਗੈਲਰੀਆਂ ਮਨੁੱਖਤਾ ਨੂੰ ਸਮਰਪਿਤ ਕੀਤੀਆਂ ਗਈਆਂ ਹਨ। ਇਸ ਯਾਦਗਾਰ ਦਾ ਕੁੱਲ ਖੇਤਰ 5 ਏਕੜ ਹੈ। ਇਸ ਵਿੱਚੋਂ ਕਵਰਡ ਖੇਤਰ ਤਕਰੀਬਨ 2 ਏਕੜ ਹੈ ਅਤੇ ਕੰਸਟ੍ਰਕਸ਼ਨ ਖੇਤਰ 3200 ਵਰਗ ਫੁੱਟ ਹੈ।

ਇਸ ਯਾਦਗਾਰ ਨੂੰ ਦੋ ਭਾਗਾਂ ਵਿੱਚ ਮੁਕੰਮਲ ਕੀਤਾ ਗਿਆ ਹੈ। ਪਹਿਲੇ ਭਾਗ ਵਿੱਚ ਇਮਾਰਤ ਦਾ ਨਿਰਮਾਣ ਮੁਕੰਮਲ ਕਰਕੇ ਫਰਵਰੀ 2024 ਵਿੱਚ ਸਮਰਪਿਤ ਕਰ ਦਿੱਤਾ ਗਿਆ ਸੀ। ਸਤੰਬਰ ਮਹੀਨੇ ਮੁੱਖ ਮੰਤਰੀ ਵੱਲੋਂ ਸੰਗਤ ਨੂੰ ਸਮਰਪਿਤ ਕੀਤੇ ਗਏ ਦੂਜੇ ਭਾਗ ਵਿੱਚ ਇਮਾਰਤ ਦੇ ਦੋਵੇਂ ਵਿੰਗਾਂ ਅੰਦਰ ਗੁਰੂ ਸਾਹਿਬ ਤੇ ਭਾਈ ਜੈਤਾ ਜੀ ਦੇ ਜੀਵਨ ਨੂੰ ਦਰਸਾਉਂਦੀਆਂ ਪੰਜ ਗੈਲਰੀਆਂ ਬਣਾਈਆਂ ਗਈਆਂ ਹਨ। ਪਹਿਲੇ ਭਾਗ 'ਤੇ 17 ਕਰੋੜ ਰੁਪਏ ਦੀ ਲਾਗਤ ਆਈ ਸੀ ਜਦਕਿ ਦੂਸਰੇ ਭਾਗ 'ਤੇ 3 ਕਰੋੜ ਰੁਪਏ ਦੀ ਲਾਗਤ ਆਈ ਹੈ। ਵਿਰਾਸਤ-ਏ-ਖਾਲਸਾ ਵਿੱਚ ਵੀ ਨੌਵੇਂ ਪਾਤਸ਼ਾਹ ਨਾਲ ਸਬੰਧਤ ਇੱਕ ਪ੍ਰਦਰਸ਼ਨੀ ਗੈਲਰੀ ਦਾ ਮੁੱਖ ਮੰਤਰੀ ਨੇ 23 ਨਵੰਬਰ ਨੂੰ ਉਦਘਾਟਨ ਕੀਤਾ।

ਉਨ੍ਹਾਂ ਅੱਗੇ ਦੱਸਿਆ ਕਿ ਸਿੱਖਾਂ ਦੇ ਮਹਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਣ ਵਾਲੇ ਰਸਤੇ ਨੂੰ ਚਿੱਟੇ ਰੰਗ ਦੇ ਸੰਗਮਰਮਰ ਨਾਲ ਵਿਰਾਸਤੀ ਮਾਰਗ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਸ ਪ੍ਰੋਜੈਕਟ 'ਤੇ ਕੁੱਲ 18 ਕਰੋੜ ਰੁਪਏ ਦੀ ਲਾਗਤ ਆਵੇਗੀ। 5 ਅਕਤੂਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਕਰ ਦਿੱਤੀ ਹੈ ਅਤੇ ਕਰੀਬ 10 ਮਹੀਨੇ ਵਿੱਚ ਇਸਨੂੰ ਪੂਰਾ ਕਰ ਲਿਆ ਜਾਵੇਗਾ। ਸੌਂਦ ਨੇ ਦੱਸਿਆ ਕਿ ਮੇਨ ਰੋਡ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ ਕੁੱਲ 580 ਮੀਟਰ ਲੰਬੇ ਮਾਰਗ ਉੱਤੇ ਚਿੱਟਾ ਸੰਗਮਰਮਰ ਲਾਇਆ ਜਾਵੇਗਾ ਅਤੇ ਕੁੱਲ ਛੇ ਦਾਖਲਾ ਗੇਟ ਬਣਾਏ ਜਾਣਗੇ।

ਸੌਂਦ ਨੇ ਕਿਹਾ ਕਿ ਇਸ ਮਹਾਨ ਸਮਾਗਮ ਤੇ ਕਾਰਜਾਂ ਤੋਂ ਇਲਾਵਾ ਸੈਰ-ਸਪਾਟਾ ਵਿਭਾਗ ਨੇ ਸਾਲ 2025 ਦੇ ਸ਼ੁਰੂ ਵਿੱਚ ਹੀ ਖੰਨਾ 'ਚ 'ਧੀਆਂ ਦੀ ਲੋਹੜੀ' ਮਨਾਈ। ਨਵਜੰਮੀਆ ਬੱਚੀਆ ਨੂੰ ਸਮਾਜ ਵਿੱਚ ਸਮਾਨਤਾ ਦਾ ਅਧਿਕਾਰ ਦਿਵਾਉਣ ਅਤੇ ਸੂਬੇ ਦੇ ਲਿੰਗ ਅਨੁਪਾਤ ਵਿੱਚ ਹੋਰ ਸੁਧਾਰ ਲਿਆਉਣ ਲਈ ਧੀਆਂ ਦੀ ਲੋਹੜੀ ਵਰਗੇ ਸਮਾਗਮ ਖਾਸ ਭੂਮਿਕਾ ਅਦਾ ਕਰਦੇ ਹਨ।

ਉਨ੍ਹਾਂ ਦੱਸਿਆ ਕਿ ਫਤਹਿਗੜ੍ਹ ਸਾਹਿਬ ਸਥਿਤ ਜਹਾਜ਼ ਹਵੇਲੀ ਦੀ ਮੁੜ ਬਹਾਲੀ ਅਤੇ ਸਾਂਭ ਸੰਭਾਲ ਲਈ ਇਸ ਸਾਲ ਅਹਿਮ ਪ੍ਰਸ਼ਾਸਨੀ ਫੈਸਲੇ ਲਏ ਗਏ। ਪੰਜਾਬ ਸਰਕਾਰ ਨੇ ਫਤਿਹਗੜ੍ਹ ਸਾਹਿਬ ਵਿੱਚ ਦੀਵਾਨ ਟੋਡਰ ਮੱਲ ਦੇ ਇਤਿਹਾਸਕ ਨਿਵਾਸ ਸਥਾਨ ਜਹਾਜ਼ ਹਵੇਲੀ ਦੀ ਮੁੜ ਬਹਾਲੀ ਸ਼ੁਰੂ ਕਰਕੇ ਸਿੱਖ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ।

ਦੀਵਾਨ ਟੋਡਰ ਮੱਲ, ਜਿਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਤੋਂ ਬਾਅਦ ਉਨ੍ਹਾਂ ਦੇ ਸਸਕਾਰ ਲਈ ਜ਼ਮੀਨ ਖਰੀਦੀ ਸੀ, ਦੀ ਹਵੇਲੀ ਨੂੰ ਇਸਦੀ ਪੁਰਾਣੀ ਦਿੱਖ ਦੇਣ ਲਈ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ, ਪੰਜਾਬ ਆਪਣੀ ਦੇਖਰੇਖ ਹੇਠ ਕਾਰਜ ਕਰ ਰਹੀ ਹੈ। ਇਸ ਤੋਂ ਇਲਾਵਾ ਪੰਜਾਬ ਦੇ ਸੱਭਿਆਚਾਰ ਦੀ ਪ੍ਰਫੁੱਲਤਾ ਤੇ ਰਵਾਇਤੀ ਖੇਡਾਂ ਦੀ ਸ਼ਾਨੋ-ਸ਼ੌਕਤ ਬਰਕਰਾਰ ਰੱਖਣ ਲਈ ਫਿਰੋਜ਼ਪੁਰ ਵਿਖੇ ਦੋ ਰੋਜ਼ਾ ਰਾਜ ਪੱਧਰੀ ਬਸੰਤ ਮੇਲਾ ਕਰਵਾਇਆ ਗਿਆ। ਪੰਜਾਬ ਦੇ ਪ੍ਰਮੁੱਖ ਖੇਡ ਮੁਕਾਬਲਿਆਂ ਵਿੱਚੋਂ ਇੱਕ ਕਿਲ੍ਹਾ ਰਾਏਪੁਰ ਪੇਂਡੂ ਓਲੰਪਿਕ ਦਾ ਉਦਘਾਟਨ ਖੁਦ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਨੇ ਕੀਤਾ ਸੀ। 13 ਤੋਂ 16 ਫਰਵਰੀ ਤੱਕ ਪਟਿਆਲਾ ਵਿਰਾਸਤੀ ਮੇਲਾ ਕਰਵਾਇਆ ਗਿਆ। ਇਸ ਮੇਲੇ ਵਿੱਚ ਹੈਰੀਟੇਜ ਵਾਕ, ਫੂਡ ਫੈਸਟੀਵਲ, ਸੰਗੀਤਕ ਸ਼ਾਮ, ਏਅਰੋ ਸ਼ੋਅ, ਨੇਚਰ ਵਾਕ, ਫੁੱਲਾਂ ਦੀ ਪ੍ਰਦਰਸ਼ਨੀ ਅਤੇ ਫੈਸ਼ਨ ਵਾਕ ਸਮੇਤ ਵੱਖ-ਵੱਖ ਦਿਲਕਸ਼ ਪ੍ਰੋਗਰਾਮ ਕਰਵਾਏ ਗਏ। ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸੈਰ ਸਪਾਟੇ ਨੂੰ ਵਿਸ਼ਵ ਪੱਧਰੀ ਬਣਾਉਣ ਅਤੇ ਸੱਭਿਆਚਾਰ ਤੇ ਰਵਾਇਤੀ ਖੇਡਾਂ-ਤਿਉਹਾਰਾਂ ਦੀ ਪ੍ਰਫੁੱਲਤਾ ਲਈ ਸਾਲ 2026 ਦੌਰਾਨ ਹੋਰ ਸ਼ਿੱਦਤ, ਸੁਹਿਰਦਤਾ ਤੇ ਲਗਨ ਨਾਲ ਕਾਰਜ ਕਰੇਗੀ।

Space available for Ad
Contact # +1 (209) 303-1260

Gillson TRUCKING INC

# NOW HIRING

## TRUCK DRIVERS CLASS A CDL



- ✓ Signing Bonus
- ✓ Top pay
- ✓ Mileage Pay
- ✓ Great Benefits
- ✓ Over the Road or Local Routes
- ✓ Reefers and Dry Van Operations
- ✓ No touch freight



### SKILLS

- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES

- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY

- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT

FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR APPLY NOW

HEALTH BENEFITS: Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking | company/gillsontrucking | www.teamgillson.com


SERVPRO®
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated

# ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ: ਸਾਲ 2025 ਦਾ ਲੇਖਾ-ਜੋਖਾ 2900 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਨਾਲ ਪੰਜਾਬ ਵਿੱਚ ਜਲ ਅਤੇ ਸੈਨੀਟੇਸ਼ਨ ਢਾਂਚੇ ਨੂੰ ਹੁਲਾਰਾ ਮਿਲਿਆ: ਹਰਦੀਪ ਸਿੰਘ ਮੁੰਡੀਆਂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਬੁਨਿਆਦੀ ਢਾਂਚੇ ਨੂੰ ਮਜ਼ਬੂਤੀ ਦੇਣ ਲਈ 2,900 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਵੱਡੇ ਨਿਵੇਸ਼ ਨਾਲ ਪ੍ਰਮੁੱਖ ਪ੍ਰਾਜੈਕਟਾਂ ਨੂੰ ਜਲਦ ਮੁਕੰਮਲ ਕਰਨ, ਨਵੀਨ ਤਕਨਾਲੋਜੀ ਦੇ ਵਿਸਥਾਰ ਅਤੇ ਪਾਣੀ ਦੀ ਗੁਣਵੱਤਾ ਅਤੇ ਸੈਨੀਟੇਸ਼ਨ ਪ੍ਰਣਾਲੀਆਂ ਨੂੰ ਮਜ਼ਬੂਤੀ ਦੇਣ ਵਿੱਚ ਵੱਡੀ ਮਦਦ ਮਿਲੀ ਹੈ, ਜਿਸ ਦੇ ਨਤੀਜੇ ਵਜੋਂ ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਲੋਕਾਂ ਦੇ ਰੋਜ਼ਾਨਾ ਜੀਵਨ ਪੱਧਰ ਵਿੱਚ ਕਾਫ਼ੀ ਸੁਧਾਰ ਹੋਇਆ ਹੈ। ਉਨ੍ਹਾਂ ਕਿਹਾ ਕਿ 100 ਫ਼ੀਸਦੀ ਕਵਰੇਜ ਨਾਲ ਇਸ ਸਮੇਂ ਸੂਬੇ ਵਿੱਚ 34 ਲੱਖ ਤੋਂ ਵੱਧ ਪਰਿਵਾਰਾਂ ਨੂੰ ਸੁਰੱਖਿਅਤ ਅਤੇ ਸਾਫ਼ ਪੀਣਯੋਗ ਪਾਣੀ ਮਿਲ ਰਿਹਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2025-26 ਲਈ ਪੇਂਡੂ ਵਿਕਾਸ ਵਾਸਤੇ ਸੈਨੀਟੇਸ਼ਨ ਖੇਤਰ ਹਿੱਤ 2,190.80 ਕਰੋੜ ਰੁਪਏ ਦੀ ਸਾਲਾਨਾ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਪੇਂਡੂ ਇਲਾਕਿਆਂ ਵਿੱਚ ਹਰ ਘਰ ਨੂੰ ਟੂਟੀ ਰਾਹੀਂ ਸਾਫ਼ ਪਾਣੀ ਦੀ ਸਪਲਾਈ ਦੇਣ ਦੇ ਟੀਚੇ ਨੂੰ ਹਾਸਲ ਕਰ ਚੁੱਕਾ ਹੈ, ਜਿਸ ਨਾਲ ਪੰਜਾਬ ਸੂਬਾ ਇਹ ਮੀਲ ਪੱਥਰ ਹਾਸਲ ਕਰਨ ਵਾਲਾ ਦੇਸ਼ ਦਾ ਪੰਜਵਾਂ ਰਾਜ ਬਣ ਕੇ ਉਭਰਿਆ ਹੈ। ਉਨ੍ਹਾਂ ਕਿਹਾ ਕਿ ਪਾਣੀ ਦੀ ਗੁਣਵੱਤਾ ਤੋਂ ਪ੍ਰਭਾਵਿਤ ਖੇਤਰਾਂ ਨੂੰ ਸਾਫ਼ ਪਾਣੀ ਦੀ ਸਪਲਾਈ ਦੇਣ ਲਈ 15 ਪ੍ਰਮੁੱਖ ਸਤਹੀ ਜਲ ਸਪਲਾਈ ਪ੍ਰਾਜੈਕਟਾਂ 'ਤੇ ਵਿਸ਼ੇਸ਼ ਧਿਆਨ ਦਿੰਦਿਆਂ ਇਸ ਅਧੀਨ 1706 ਪਿੰਡਾਂ ਨੂੰ ਕਵਰ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ ਚਾਰ ਪ੍ਰਾਜੈਕਟ ਪਹਿਲਾਂ ਹੀ ਚਾਲੂ ਹੋ ਚੁੱਕੇ ਹਨ, ਜਦੋਂ ਕਿ 11 ਮੁਕੰਮਲ ਹੋਣ ਨੇੜੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਾਜੈਕਟ ਭਰੋਸੇਯੋਗ ਸਤਹੀ ਪਾਣੀ ਸਪਲਾਈ ਯਕੀਨੀ ਬਣਾ ਕੇ ਸਮੂਹਿਕ ਤੌਰ 'ਤੇ ਲਗਭਗ 25 ਲੱਖ ਪੇਂਡੂ ਪਰਿਵਾਰਾਂ ਨੂੰ ਲਾਭ ਪਹੁੰਚਾਉਣਗੇ।

ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨੇ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੌਰਾਨ 278.37 ਕਰੋੜ ਰੁਪਏ ਦੀ ਲਾਗਤ ਨਾਲ 205 ਪੇਂਡੂ ਜਲ ਸਪਲਾਈ ਸਕੀਮਾਂ ਪੂਰੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਢੁਕਵੇਂ ਪ੍ਰੈਸ਼ਰ ਨਾਲ ਸਾਫ਼ ਪਾਣੀ ਦੀ ਸਪਲਾਈ ਤੱਕ ਪਹੁੰਚ ਰਾਹੀਂ ਲਗਭਗ 2.33 ਲੱਖ ਪੇਂਡੂ ਵਸਨੀਕਾਂ ਨੂੰ ਲਾਭ ਪਹੁੰਚਿਆ ਹੈ।

ਉਨ੍ਹਾਂ ਕਿਹਾ ਕਿ 176 ਪਿੰਡਾਂ ਨੂੰ ਕਵਰ ਕਰਦੀਆਂ 144 ਜਲ ਸਪਲਾਈ ਸਕੀਮਾਂ ਦੇ ਪ੍ਰਾਜੈਕਟ ਨੂੰ 160 ਕਰੋੜ ਰੁਪਏ ਦੀ ਲਾਗਤ ਨਾਲ ਮਨਜ਼ੂਰੀ ਦਿੱਤੀ ਗਈ ਹੈ, ਜੋ ਲਗਭਗ 2026-27 ਤੱਕ ਪੂਰਾ ਹੋਣ ਦੀ ਸੰਭਾਵਨਾ ਹੈ। ਇਸ ਪ੍ਰਾਜੈਕਟ ਨਾਲ ਕਰੀਬ 3.04 ਲੱਖ ਪੇਂਡੂ ਵਸਨੀਕਾਂ ਨੂੰ ਲਾਭ ਹੋਵੇਗਾ। ਇਸ ਤੋਂ ਇਲਾਵਾ 19 ਜ਼ਿਲ੍ਹਿਆਂ ਦੇ 127 ਪਿੰਡਾਂ ਨੂੰ ਕਵਰ ਕਰਦੀਆਂ 98 ਸਕੀਮਾਂ ਦੀ ਅਪਗ੍ਰੇਡੇਸ਼ਨ ਦਾ ਪ੍ਰਸਤਾਵ, ਜਿਸ ਦੀ ਅਨੁਮਾਨਤ ਲਾਗਤ 105 ਕਰੋੜ ਰੁਪਏ ਹੈ, ਪ੍ਰਵਾਨਗੀ ਦੀ ਪ੍ਰਕਿਰਿਆ ਅਧੀਨ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਹਾਲ ਹੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ 140 ਕਰੋੜ ਰੁਪਏ ਦੇ ਨਿਵੇਸ਼ ਨਾਲ ਇਤਿਹਾਸਕ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿੱਚ ਜਲ ਸਪਲਾਈ ਅਤੇ ਸੀਵਰੇਜ ਕੰਮਾਂ ਦੇ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਜਿਸ ਨਾਲ




ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਤਾਲਮੇਲ ਆਧਾਰਤ ਬੁਨਿਆਦੀ ਢਾਂਚੇ ਦੀ ਯੋਜਨਾਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ।

ਉਨ੍ਹਾਂ ਦੱਸਿਆ ਕਿ ਮੌਜੂਦਾ ਸਾਲ ਦੌਰਾਨ ਤਕਨਾਲੋਜੀ-ਆਧਾਰਤ ਸ਼ਾਸਨ 'ਤੇ ਸਰਕਾਰ ਵੱਲੋਂ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ, ਜਿਸ ਤਹਿਤ 897 ਪਿੰਡਾਂ ਨੂੰ ਕਵਰ ਕਰਦੀਆਂ 346 ਜਲ ਸਪਲਾਈ ਸਕੀਮਾਂ ਵਿੱਚ ਇੱਕ ਆਈ.ਓ.ਟੀ-ਆਧਾਰਤ ਆਟੋਮੇਸ਼ਨ ਅਤੇ ਨਿਗਰਾਨ ਪ੍ਰਣਾਲੀ ਲਾਗੂ ਕੀਤੀ ਗਈ ਹੈ। ਇਹ ਸਕੀਮਾਂ ਇੱਕ ਵੈੱਬ ਅਤੇ ਮੋਬਾਈਲ ਐਪ-ਆਧਾਰਤ ਡੈਸ਼ਬੋਰਡ ਨਾਲ ਜੁੜੀਆਂ ਹੋਈਆਂ ਹਨ, ਜੋ ਅਸਲ ਸਮੇਂ ਵਿੱਚ ਕਾਰਜਸ਼ੀਲ ਮਾਪਦੰਡਾਂ ਨੂੰ ਟਰੈਕ ਕਰਦੀਆਂ ਹਨ, ਜੋ ਤੇਜ਼ ਰਿਸਪਾਂਸ ਅਤੇ ਬਿਹਤਰ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਂਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਪਾਣੀ ਦੀ ਗੁਣਵੱਤਾ ਦੀ ਨਿਗਰਾਨੀ ਲਈ ਲੈਬਾਰਟਰੀਆਂ ਦੇ ਤਿੰਨ-ਪੱਧਰੀ ਨੈੱਟਵਰਕ ਰਾਹੀਂ ਮਜ਼ਬੂਤ ਸੰਸਥਾਗਾਤ ਢਾਂਚਾ ਸਥਾਪਤ ਕੀਤਾ ਗਿਆ ਹੈ, ਜਿਸ ਵਿੱਚ ਇੱਕ ਰਾਜ-ਪੱਧਰੀ, ਸੱਤ ਖੇਤਰੀ-ਪੱਧਰੀ, 17 ਜ਼ਿਲ੍ਹਾ-ਪੱਧਰੀ ਅਤੇ ਸੱਤ ਬਲਾਕ-ਪੱਧਰੀ ਲੈਬਾਂ ਸ਼ਾਮਲ ਹਨ। ਸਾਰੀਆਂ ਲੈਬਾਂ ਰਸਾਇਣਕ ਜਾਂਚ ਲਈ ਐਨ ਏ.ਬੀ.ਐਲ. ਮਾਨਤਾ ਪ੍ਰਾਪਤ ਹਨ, ਜਦੋਂ ਕਿ ਸੱਤ ਲੈਬਾਂ ਵਿਚ ਬੈਕਟੀਰੀਆਲੋਜੀਕਲ ਵਿਸ਼ਲੇਸ਼ਣ ਕਰਨ ਦੀ ਸਹੂਲਤ ਵੀ ਹੈ।

ਵਿਭਾਗ ਇਨ੍ਹਾਂ ਲੈਬਾਂ ਵਿੱਚ ਬੈਕਟੀਰੀਆਲੋਜੀਕਲ ਸਹੂਲਤਾਂ ਨੂੰ ਮਜ਼ਬੂਤ ਕਰ ਰਿਹਾ ਹੈ ਅਤੇ ਲਗਭਗ 11.42 ਕਰੋੜ ਰੁਪਏ ਦੀ ਲਾਗਤ ਨਾਲ 17 ਜ਼ਿਲ੍ਹਾ-ਪੱਧਰੀ ਲੈਬਾਂ ਵਿੱਚ ਇਸੇ ਤਰ੍ਹਾਂ ਦੀ ਸਹੂਲਤ ਸਥਾਪਤ ਕਰ ਰਿਹਾ ਹੈ, ਜਿਸ ਨੂੰ ਵਿੱਤੀ ਸਾਲ 2025-26 ਤੱਕ ਪੂਰਾ ਕਰਨ ਦਾ ਟੀਚਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੱਤ ਲੈਬਾਂ ਵਿੱਚ ਬੁਨਿਆਦੀ ਢਾਂਚਾ ਵਿਕਾਸ ਅਤੇ ਉਪਕਰਣਾਂ ਦੀ ਸਥਾਪਨਾ ਪਹਿਲਾਂ ਹੀ ਪੂਰੀ ਹੋ ਚੁੱਕੀ ਹੈ।

ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਭੂਮੀਗਤ ਪਾਣੀ ਵਿੱਚ ਭਾਰੀ ਧਾਤਾਂ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਢੁਕਵੇਂ ਉਪਾਅ ਕੀਤੇ ਗਏ ਹਨ। ਸਲਫੇਟ, ਨਾਈਟ੍ਰੇਟ ਅਤੇ ਸੇਲੇਨੀਅਮ ਤੋਂ ਪ੍ਰਭਾਵਿਤ 10 ਪਿੰਡਾਂ ਵਿੱਚ 54.33 ਲੱਖ ਰੁਪਏ ਦੀ ਲਾਗਤ ਨਾਲ ਰਿਵਰਸ ਓਸਮੋਸਿਸ (ਆਰ.ਓ.) ਪਲਾਂਟ ਲਗਾਏ ਗਏ ਹਨ। ਇਸੇ ਤਰਾਂ 23 ਯੂਰੇਨੀਅਮ ਪ੍ਰਭਾਵਿਤ ਪਿੰਡਾਂ ਵਿੱਚ 5.91 ਕਰੋੜ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਵਾਟਰ ਪਿਊਰੀਫਿਕੇਸ਼ਨ ਪਲਾਂਟ ਲਗਾਉਣ ਦਾ ਕੰਮ ਚੱਲ ਰਿਹਾ ਹੈ, ਜੋ ਫ਼ਰਵਰੀ 2026 ਤੱਕ ਪੂਰੇ ਹੋਣ ਦੀ ਉਮੀਦ ਹੈ।


ਉਨ੍ਹਾਂ ਕਿਹਾ ਕਿ 32 ਆਰਸੈਨਿਕ ਪ੍ਰਭਾਵਿਤ ਪਿੰਡਾਂ ਵਿੱਚ 9.77 ਕਰੋੜ ਰੁਪਏ ਦੀ ਲਾਗਤ ਨਾਲ ਆਰਸੈਨਿਕ-ਕਮ-ਆਇਰਨ ਰਿਮੂਵਲ ਪਲਾਂਟਾਂ ਲਈ ਪ੍ਰਸ਼ਾਸਕੀ ਪ੍ਰਵਾਨਗੀ ਦੇ ਦਿੱਤੀ ਗਈ ਹੈ, ਜਿਸ ਲਈ ਟੈਂਡਰ ਪ੍ਰਕਿਰਿਆ ਜਾਰੀ ਹੈ। ਇਸ ਤੋਂ ਇਲਾਵਾ 38.69 ਲੱਖ ਰੁਪਏ ਦੀ ਲਾਗਤ ਨਾਲ ਚਾਰ ਫਲੋਰਾਈਡ ਪ੍ਰਭਾਵਿਤ ਪਿੰਡਾਂ ਵਿੱਚ ਕਮਿਊਨਿਟੀ ਵਾਟਰ ਪਿਊਰੀਫਿਕੇਸ਼ਨ ਪਲਾਂਟ ਵੀ ਲਗਾਏ ਗਏ ਹਨ, ਜਦੋਂ ਕਿ 18.60 ਲੱਖ ਰੁਪਏ ਦੀ ਲਾਗਤ ਨਾਲ ਦੋ ਆਰਸੈਨਿਕ-ਪ੍ਰਭਾਵਿਤ ਪਿੰਡਾਂ ਵਿੱਚ ਇਸੇ ਤਰ੍ਹਾਂ ਦੇ ਕਾਰਜ ਦਸੰਬਰ 2025 ਤੱਕ ਪੂਰੇ ਹੋਣ ਦਾ ਟੀਚਾ ਹੈ। ਸੀ.ਐਸ.ਆਰ. ਸਹਾਇਤਾ ਅਧੀਨ ਪਟਿਆਲਾ ਜ਼ਿਲ੍ਹੇ ਦੇ ਪਿੰਡ ਰਣਬੀਰਪੁਰਾ ਵਿਖੇ ਇੱਕ ਯੂਰੇਨੀਅਮ ਰਿਮੂਵਲ ਪਲਾਂਟ ਵੀ ਲਗਾਇਆ ਗਿਆ ਹੈ।

ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨੇ ਕਿਹਾ ਕਿ ਪੇਂਡੂ ਸੈਨੀਟੇਸ਼ਨ ਖੇਤਰ ਤਹਿਤ ਰਾਜ ਭਰ ਵਿੱਚ 1598 ਕਮਿਊਨਿਟੀ ਸੈਨੀਟੇਸ਼ਨ ਕੰਪਲੈਕਸ ਬਣਾਏ ਗਏ ਹਨ ਅਤੇ 580 ਹੋਰ ਕੰਪਲੈਕਸਾਂ 'ਤੇ ਕੰਮ ਜਾਰੀ ਹੈ। ਮੌਜੂਦਾ ਵਿੱਤੀ ਸਾਲ ਦੌਰਾਨ 6606 ਘਰਾਂ ਨੂੰ ਪਖ਼ਾਨੇ ਮੁਹੱਈਆ ਕਰਵਾਏ ਗਏ, ਜਦੋਂ ਕਿ 12,967 ਘਰੇਲੂ ਪਖ਼ਾਨਿਆਂ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਊਸ਼ਾਲਾਵਾਂ ਵਿੱਚ 20 ਬਾਇਓਗੈਸ ਪਲਾਂਟ ਸਥਾਪਤ ਕੀਤੇ ਗਏ ਹਨ ਅਤੇ 2025-26 ਤੱਕ ਮਾਲੇਰਕੋਟਲਾ, ਗੁਰਦਾਸਪੁਰ ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚ ਤਿੰਨ ਹੋਰ ਅਜਿਹੇ ਪਲਾਂਟ ਲਗਾਉਣ ਦੀ ਯੋਜਨਾ ਹੈ। ਠੋਸ ਰਹਿੰਦ-ਖੂੰਹਦ ਪ੍ਰਬੰਧਨ ਪਹਿਲਕਦਮੀਆਂ ਵਿਚ ਵੀ ਤੇਜ਼ੀ ਆਈ ਹੈ, 28 ਬਲਾਕ-ਪੱਧਰੀ ਪਲਾਸਟਿਕ ਰਹਿੰਦ-ਖੂੰਹਦ ਪ੍ਰਬੰਧਨ ਯੂਨਿਟਾਂ ਦਾ ਕੰਮ ਮੁਕੰਮਲ ਹੈ ਅਤੇ 22 ਹੋਰ ਯੂਨਿਟਾਂ ਪ੍ਰਗਤੀ ਅਧੀਨ ਹਨ। ਵਿੱਤੀ ਸਾਲ 2025-26 ਦੌਰਾਨ ਪੇਂਡੂ ਖੇਤਰਾਂ ਵਿੱਚ ਪੈਦਾ ਹੋਣ ਵਾਲੇ ਸੁੱਕੇ/ਪਲਾਸਟਿਕ ਕੂੜੇ ਦੇ ਪ੍ਰਬੰਧਨ ਲਈ ਪਿੰਡਾਂ ਵਿੱਚ 77 ਵਾਧੂ ਯੂਨਿਟ ਸਥਾਪਤ ਕਰਨ ਦੀ ਯੋਜਨਾ ਹੈ। ਹਰਦੀਪ ਸਿੰਘ ਮੁੰਡੀਆਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਖੁੱਲ੍ਹੇ ਵਿੱਚ ਸ਼ੌਚ ਮੁਕਤ (ਓ.ਡੀ.ਐਫ.) ਦਾ ਦਰਜਾ ਪ੍ਰਾਪਤ ਕਰਨ ਤੋਂ ਬਾਅਦ ਹੁਣ ਪੰਜਾਬ ਰਾਜ 31 ਮਾਰਚ, 2026 ਤੱਕ ਸਾਰੇ ਪਿੰਡਾਂ ਲਈ ਓ.ਡੀ.ਐਫ. ਪਲੱਸ (ਮਾਡਲ) ਦਾ ਦਰਜਾ ਪ੍ਰਾਪਤ ਕਰਨ ਵੱਲ ਵਧ ਰਿਹਾ ਹੈ। ਹੁਣ ਤੱਕ 2250 ਪਿੰਡਾਂ ਨੇ ਗੰਦਾ ਪਾਣੀ ਪ੍ਰਬੰਧਨ ਦੇ ਵਿਗਿਆਨਕ ਮਾਡਲ ਅਪਣਾਏ ਹਨ, ਜਦੋਂ ਕਿ 1812 ਪਿੰਡਾਂ ਵਿੱਚ ਕੰਮ ਜਾਰੀ ਹੈ। ਇਸੇ ਤਰ੍ਹਾਂ 8747 ਪਿੰਡਾਂ ਵਿੱਚ ਸਕਰੀਨਿੰਗ-ਕਮ-ਡਿਸਿਲਟਿੰਗ ਚੈਂਬਰ ਬਣਾਏ ਗਏ ਹਨ ਅਤੇ 4,260 ਪਿੰਡਾਂ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ ਲਈ ਕੰਪੋਸਟ-ਪਿੱਟ ਪੂਰੇ ਕੀਤੇ ਗਏ ਹਨ।

# ਗੱਤਕੇ ਲਈ ਇਤਿਹਾਸਕ ਪੁਲਾਂਘ: ਨੀਲਮ ਯੂਨੀਵਰਸਿਟੀ ਤੇ ਐਨ.ਜੀ.ਏ.ਆਈ ਵੱਲੋਂ ਗੱਤਕੇ ਦੇ ਵਿਕਾਸ ਲਈ ਭਾਈਵਾਲੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਭਾਰਤ ਦੀ ਅਮੀਰ ਜੰਗਜੂ ਵਿਰਾਸਤ ਨੂੰ ਸੰਸਥਾਗਤ ਰੂਪ ਦੇਣ ਦੀ ਦਿਸ਼ਾ 'ਚ ਇੱਕ ਇਤਿਹਾਸਕ ਪਹਿਲ ਕਰਦਿਆਂ ਐਨ.ਆਈ.ਆਈ.ਐਲ.ਐਮ. ਯੂਨੀਵਰਸਿਟੀ ਕੈਥਲ ਅਤੇ ਨੇਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ (ਐਨ.ਜੀ.ਏ.ਆਈ.) ਨੇ ਗੱਤਕੇ ਨੂੰ ਯੋਜਨਾਬੱਧ ਅਤੇ ਮੁਕਾਬਲੇਬਾਜ਼ੀ ਦੀ ਖੇਡ ਵਜੋਂ ਵੱਡੇ ਪੱਧਰ 'ਤੇ ਵਿਕਸਤ ਕਰਨ ਦੇ ਉਦੇਸ਼ ਨਾਲ ਇੱਕ ਸਹਿਮਤੀ ਪੱਤਰ (ਐਮ.ਓ.ਯੂ.) 'ਤੇ ਦਸਤਖ਼ਤ ਕੀਤੇ ਹਨ। ਇਹ ਭਾਈਵਾਲੀ ਗੱਤਕੇ ਦੇ ਯੋਜਨਾਬੱਧ ਪ੍ਰਚਾਰ, ਸੰਸਥਾਗਤ ਵਿਕਾਸ ਅਤੇ ਲੋਕਪ੍ਰਿਯਤਾ ਵਿੱਚ ਵਾਧਾ ਕਰਨ ਲਈ ਸਮਰਪਿਤ ਹੈ। ਇਸ ਮਹੱਤਵਪੂਰਨ ਸਮਝੌਤੇ 'ਤੇ ਐਨ.ਆਈ.ਆਈ.ਐਲ.ਐਮ. (ਨੀਲਮ) ਯੂਨੀਵਰਸਿਟੀ ਦੇ ਚੇਅਰਮੈਨ ਅਮਿਤ ਚਹਿਲ ਅਤੇ ਐਨ.ਜੀ.ਏ.ਆਈ. ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਦੀ ਤਰਫੋਂ ਉਪ ਪ੍ਰਧਾਨ ਸੁਖਚੈਨ ਸਿੰਘ ਕਲਸਾਣੀ ਨੇ ਦਸਤਖ਼ਤ ਕਰਦਿਆਂ ਇਸ ਕਰਾਰ ਨੂੰ ਰਸਮੀ ਰੂਪ ਦਿੱਤਾ। ਇਸ ਮੌਕੇ ਯੂਨੀਵਰਸਿਟੀ ਦੇ ਡਾਇਰੈਕਟਰ (ਖੇਡਾਂ) ਨਰਿੰਦਰ ਢੁੱਲ੍ਹ ਅਤੇ ਹਰਿਆਣਵੀ ਗੱਤਕਾ ਐਸੋਸੀਏਸ਼ਨ ਦੇ ਸੰਯੁਕਤ ਸਕੱਤਰ ਨਰਿੰਦਰ ਪਾਲ ਸਿੰਘ ਵੀ ਮੌਜੂਦ ਰਹੇ ਜਿਸ ਨਾਲ ਇਸ ਦੂਰਦਰਸ਼ੀ ਪਹਿਲ ਨੂੰ ਖੇਤਰੀ ਪੱਧਰ 'ਤੇ ਮਜ਼ਬੂਤ ਸਮਰਥਨ ਮਿਲਿਆ। ਇਸ ਮੌਕੇ 'ਤੇ ਚੇਅਰਮੈਨ ਅਮਿਤ ਚਹਿਲ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਹ ਦੁਵੱਲੀ ਸਾਂਝ ਵਿਦਿਆਰਥੀਆਂ, ਖਿਡਾਰੀਆਂ ਅਤੇ ਅਕਾਦਮਿਕ ਖੋਜਾਰਥੀਆਂ ਲਈ ਵਾਧੂ ਮੌਕੇ ਪੈਦਾ ਕਰੇਗੀ। ਉਨ੍ਹਾਂ ਕਿਹਾ ਕਿ ਇਹ ਕੋਸ਼ਿਸ਼ ਗੱਤਕੇ ਨੂੰ ਸੁਚੱਜੀ ਮੁਕਾਬਲੇਬਾਜ਼ੀ ਦੀ ਖੇਡ ਅਤੇ ਅਕਾਦਮਿਕ ਖੇਤਰਾਂ 'ਚ ਵਿਸਥਾਰ ਕਰਨ ਅਤੇ ਖੇਡ ਦੀ ਸਥਾਪਤੀ ਵੱਲ ਇੱਕ ਠੋਸ ਕਦਮ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਹਿਯੋਗ ਨਾਲ ਨੀਲਮ ਯੂਨੀਵਰਸਿਟੀ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਨਿਰਧਾਰਤ ਨਿਯਮਾਂ ਅਨੁਸਾਰ ਰਸਮੀ ਤੌਰ 'ਤੇ ਜੁੜਨ ਵਾਲੀਆਂ ਚੋਣਵੀਆਂ ਉੱਚ ਸਿੱਖਿਆ ਸੰਸਥਾਵਾਂ 'ਚ ਸ਼ੁਮਾਰ ਹੋ ਗਈ ਹੈ ਜਿਸ ਨਾਲ ਰਵਾਇਤੀ ਖੇਡਾਂ ਦੇ ਪ੍ਰਚਾਰ ਅਤੇ ਪ੍ਰਸਾਰ ਵਿੱਚ ਹਰਿਆਣਾ ਦੀ ਭੂਮਿਕਾ ਹੋਰ ਮਜ਼ਬੂਤ ਹੋਵੇਗੀ। ਇਸ ਸਮਝੌਤੇ ਦੇ ਉਦੇਸ਼ ਸਪੱਸ਼ਟ ਕਰਦਿਆਂ ਗੱਤਕਾ ਪ੍ਰਮੋਟਰ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਇਹ ਐਮ.ਓ.ਯੂ. ਗੱਤਕੇ ਦੀ ਸਿਖਲਾਈ, ਮੁਕਾਬਲਿਆਂ ਅਤੇ ਅਕਾਦਮਿਕ ਅਧਿਐਨ ਨੂੰ ਵਿਦਿਅਕ ਸੰਸਥਾਵਾਂ ਵਿੱਚ ਸਥਾਪਿਤ ਕਰਨ ਦੀ ਇੱਕ ਰਣਨੀਤਕ ਪਹਿਲ ਹੈ। ਉਨ੍ਹਾਂ ਦੱਸਿਆ ਕਿ ਇਸ ਸਮਝੌਤੇ ਅਧੀਨ ਨੀਲਮ ਯੂਨੀਵਰਸਿਟੀ ਰਾਸ਼ਟਰੀ ਪੱਧਰ ਦੀਆਂ ਗੱਤਕਾ ਗਤੀਵਿਧੀਆਂ ਲਈ ਖੇਡ ਲਈ ਆਧੁਨਿਕ ਬੁਨਿਆਦੀ ਢਾਂਚਾ ਅਤੇ ਸਹਿਯੋਗ ਮੁਹੱਈਆ ਕਰੇਗੀ ਜਦਕਿ ਨੈਸ਼ਨਲ ਗੱਤਕਾ ਐਸੋਸੀਏਸ਼ਨ ਤਕਨੀਕੀ ਮਹਾਰਤ, ਪ੍ਰਮਾਣਿਤ ਕੋਚ ਅਤੇ ਤਕਨੀਕੀ ਆਫੀਸ਼ੀਅਲ ਉਪਲਬਧ ਕਰਵਾਏਗੀ। ਇਸ ਤੋਂ ਇਲਾਵਾ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲੇ ਕਰਵਾਉਣ ਵਿੱਚ ਸਹਿਯੋਗ ਦੇਵੇਗੀ। ਐਨ.ਜੀ.ਏ.ਆਈ. ਦੇ ਪ੍ਰਧਾਨ ਗਰੇਵਾਲ ਨੇ ਕਿਹਾ ਕਿ ਇਸ ਭਾਈਵਾਲੀ ਰਾਹੀਂ ਖੇਡ ਪ੍ਰਤਿਭਾ ਦੀ ਸੁਚੱਜੀ ਪਛਾਣ, ਤਕਨੀਕੀ ਆਫੀਸ਼ੀਅਲਾਂ ਦੀ ਸਮਰੱਥਾ ਵਧਾਉਣ ਸਮੇਤ ਅਕਾਦਮਿਕ ਅਤੇ ਖੇਡ ਮੁਕਾਬਲਿਆਂ ਰਾਹੀਂ ਗੱਤਕੇ ਦੇ ਵਿਸ਼ਾਲ ਪ੍ਰਚਾਰ-ਪਸਾਰ ਦੀ ਦੂਰਦਰਸ਼ੀ ਯੋਜਨਾ ਤਿਆਰ ਕੀਤੀ ਗਈ ਹੈ। ਇਸੇ ਭਾਵਨਾ ਨੂੰ ਦੁਹਰਾਉਂਦਿਆਂ ਹਰਿਆਣਵੀ ਗੱਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਖਚੈਨ ਸਿੰਘ ਕਲਸਾਣੀ ਨੇ ਕਿਹਾ ਕਿ ਐਨ.ਆਈ.ਆਈ.ਐਲ.ਐਮ. ਯੂਨੀਵਰਸਿਟੀ ਨਾਲ ਇਹ



ਇਤਿਹਾਸਕ ਸਾਂਝ ਗੱਤਕੇ ਦੀ ਜੰਗਜੂ ਪ੍ਰਦਰਸ਼ਨੀ ਅਤੇ ਆਧੁਨਿਕ ਖੇਡ, ਦੋਵਾਂ ਰੂਪਾਂ ਵਿੱਚ, ਵਧ ਰਹੀ ਮਾਨਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਉਚੇਰੀ ਵਿੱਦਿਅਕ ਸੰਸਥਾਵਾਂ ਰਵਾਇਤੀ ਖੇਡਾਂ ਨੂੰ ਸੰਭਾਲਣ ਅਤੇ ਉਨ੍ਹਾਂ ਦੀ ਮਹੱਤਤਾ ਵਧਾਉਣ ਲਈ ਬਿਹਤਰ ਭੂਮਿਕਾ ਨਿਭਾਉਂਦੀਆਂ ਹਨ ਅਤੇ ਇਹ ਐਮ.ਓ.ਯੂ. ਉਸੇ ਦਿਸ਼ਾ 'ਚ ਇੱਕ ਫੈਸਲਾਕੁਨ ਕਦਮ ਹੈ


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

Where Hope Meets

IMMIGRATION OPPORTUNITIES

USA SERVICES :

CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :

Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


ATWAL
IMMIGRATION SERVICES
ATWAL
TAX & IMMIGRATION
SERVICES
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਅੰਬਰ ਗਰੁੱਪ ਵੱਲੋਂ ਰਾਜਪੁਰਾ ਵਿਖੇ ਖੋਜ ਅਤੇ ਵਿਕਾਸ ਕੇਂਦਰ ਵਿੱਚ 500 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ

ਰਾਜਪੁਰਾ
ਸਾਂਝੀ ਸੋਚ ਬਿਊਰੋ

ਪੰਜਾਬ ਅਤਿ-ਆਧੁਨਿਕ ਨਿਰਮਾਣ ਅਤੇ ਨਵੀਨਤਾ ਲਈ ਇੱਕ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਹੈ, ਅੰਬਰ ਗਰੁੱਪ ਆਫ਼ ਇੰਡਸਟਰੀਜ਼ ਨੇ ਰਾਜਪੁਰਾ ਵਿਖੇ 500 ਕਰੋੜ ਰੁਪਏ ਦੇ ਨਿਵੇਸ਼ ਨਾਲ ਅਤਿ-ਆਧੁਨਿਕ ਖੋਜ ਅਤੇ ਵਿਕਾਸ ਕੇਂਦਰ ਦੀ ਸਥਾਪਨਾ ਰਾਹੀਂ ਇੱਕ ਵੱਡੇ ਵਿਸਥਾਰ ਦਾ ਐਲਾਨ ਕੀਤਾ ਹੈ।

ਇਸ ਵੱਡੇ ਨਿਵੇਸ਼ ਦਾ ਸਵਾਗਤ ਕਰਦਿਆਂ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਰਾਜਪੁਰਾ ਵਿਖੇ 500 ਕਰੋੜ ਰੁਪਏ ਦੇ ਨਿਵੇਸ਼ ਨਾਲ ਇੱਕ ਵੱਡੇ ਪੱਧਰ ਦਾ ਖੋਜ ਅਤੇ ਵਿਕਾਸ ਕੇਂਦਰ ਸਥਾਪਤ ਕਰਨ ਦਾ ਅੰਬਰ ਗਰੁੱਪ ਦਾ ਫੈਸਲਾ ਪੰਜਾਬ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਨੀਤੀਆਂ, ਹੁਨਰਮੰਦ ਕਿਰਤੀਆਂ ਅਤੇ ਨਿਵੇਸ਼ਕ-ਪੱਖੀ ਵਾਤਾਵਰਣ ਪ੍ਰਣਾਲੀ ਦਾ ਮਜ਼ਬੂਤ ਸਮਰਥਨ ਕਰਦਾ ਹੈ। ਇਸ ਪ੍ਰੋਜੈਕਟ ਨਾਲ ਲਗਭਗ 1,000 ਉੱਚ-ਗੁਣਵੱਤਾ ਤੇ ਚੰਗੀ ਤਨਖਾਹ ਵਾਲੀਆਂ ਰੋਜ਼ਗਾਰ ਦੇ ਨਵੇਂ ਮੌਕੇ ਸਿਰਜੇ ਜਾ ਸਕਣਗੇ ਅਤੇ ਉੱਨਤ ਇੰਜੀਨੀਅਰਿੰਗ ਤੇ ਉਤਪਾਦ ਡਿਜ਼ਾਈਨ ਦੇ ਖੇਤਰ ਵਿੱਚ ਪੰਜਾਬ ਦੀ ਸਥਿਤੀ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤੀ ਮਿਲੇਗੀ। ਅੰਬਰ ਗਰੁੱਪ ਆਫ਼ ਇੰਡਸਟਰੀਜ਼ ਇੱਕ ਮੋਹਰੀ ਨਿਰਮਾਣ ਸਮੂਹ ਹੈ ਜਿਸ ਵਿੱਚ ਭਾਰਤ ਅਤੇ ਵਿਦੇਸ਼ਾਂ ਵਿੱਚ 33 ਨਿਰਮਾਣ ਸਹੂਲਤਾਂ ਅਤੇ 12 ਵਿਕਰੀ ਦਫਤਰ ਹਨ, ਜਿਹਨਾਂ ਦਾ ਸਾਲਾਨਾ ਮਾਲੀਆ ਲਗਭਗ 10,000 ਕਰੋੜ ਰੁਪਏ ਹੈ ਅਤੇ ਬਾਜ਼ਾਰ ਪੂੰਜੀਕਰਨ ਲਗਭਗ 27,000 ਕਰੋੜ ਰੁਪਏ ਹੈ। ਇਹ ਸਮੂਹ ਪੀਸੀਬੀਜ਼, ਏਅਰ ਕੰਡੀਸ਼ਨਰ, ਪਾਵਰ ਇਲੈਕਟ੍ਰਾਨਿਕਸ, ਐਚਵੀਏਸੀ ਸਿਸਟਮ, ਰੇਲਵੇ, ਰੱਖਿਆ, ਬੱਸਾਂ ਅਤੇ ਮਹੱਤਵਪੂਰਨ ਬੁਨਿਆਦੀ ਢਾਂਚੇ ਲਈ ਸਟੀਕ ਕੂਲਿੰਗ ਹੱਲ ਸਮੇਤ ਅਨੇਕਾਂ ਮੁੱਖ ਖੇਤਰਾਂ ਵਿੱਚ ਸਰਗਰਮ ਹੈ।ਨਵੀਨਤਮ ਅਗਵਾਈ ਵਾਲੇ ਨਿਰਮਾਣ ਵਿੱਚ ਪੰਜਾਬ ਦੀ ਵੱਧ ਰਹੀ ਭੂਮਿਕਾ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਇਹ ਨਿਵੇਕਲੀ ਖੋਜ ਅਤੇ ਵਿਕਾਸ ਸਹੂਲਤ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਦੋਵਾਂ ਲਈ ਅਗਲੀ ਪੀੜ੍ਹੀ ਦੇ ਐਚਵੀਏਸੀ ਉਤਪਾਦਾਂ ਦੀ ਡਿਜ਼ਾਈਨਿੰਗ, ਪ੍ਰਮਾਣਿਕਤਾ ਅਤੇ ਟੈਸਟਿੰਗ 'ਤੇ ਕੇਂਦ੍ਰਿਤ ਹੋਵੇਗੀ। ਇਹ ਸਹੂਲਤ ਪੰਜਾਬ ਦੇ ਨਿਰਮਾਣ ਨੂੰ ਸਿਖਰਾਂ 'ਤੇ ਲਿਜਾਉਣ ਲਈ ਉੱਚ-ਪੱਧਰੀ ਖੋਜ, ਡਿਜ਼ਾਈਨ ਅਤੇ ਵਿਸ਼ਵਵਿਆਪੀ ਨਿਰਯਾਤ ਦਾ ਕੇਂਦਰ ਬਣਨ ਦੇ ਦ੍ਰਿਸ਼ਟੀਕੋਣ ਨਾਲ ਪੂਰੀ ਤਰ੍ਹਾਂ ਮੇਲ ਖਾਂਦੀ ਹੈ।



ਅੰਬਰ ਐਂਟਰਪ੍ਰਾਈਜ਼ਿਜ਼ ਇੰਡੀਆ ਲਿਮਟਿਡ ਦੇ ਸੀਈਓ ਜਸਬੀਰ ਸਿੰਘ ਨੇ ਕਿਹਾ ਕਿ ਪੰਜਾਬ ਹੁਨਰਮੰਦ ਯੋਗਤਾ, ਮਜ਼ਬੂਤ ਉਦਯੋਗਿਕ ਬੁਨਿਆਦੀ ਢਾਂਚਾ ਅਤੇ ਇੱਕ ਜਵਾਬਦੇਹ ਨੀਤੀਗਤ ਢਾਂਚੇ ਦਾ ਇੱਕ ਮਜ਼ਬੂਤ ਸੁਮੇਲ ਪੇਸ਼ ਕਰਦਾ ਹੈ। ਉਹਨਾਂ ਅੱਗੇ ਕਿਹਾ ਕਿ ਰਾਜਪੁਰਾ ਵਿਖੇ ਦੋ ਪੜਾਵਾਂ ਵਿੱਚ 500 ਕਰੋੜ ਰੁਪਏ ਦੇ ਨਿਵੇਸ਼ ਨਾਲ ਖੋਜ ਅਤੇ ਵਿਕਾਸ ਕੇਂਦਰ ਦਾ ਵਿਸਥਾਰ ਕਰਨ ਦਾ ਸਾਡਾ ਫੈਸਲਾ ਭਾਰਤ ਵਿੱਚ ਨਵੀਨਤਮ ਅਗਵਾਈ ਵਾਲੇ ਵਿਕਾਸ ਪ੍ਰਤੀ ਸਾਡੀ ਲੰਬੇ ਸਮੇਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਆਗਾਮੀ ਖੋਜ ਅਤੇ ਵਿਕਾਸ ਕੇਂਦਰ ਘਰੇਲੂ ਅਤੇ ਵਿਸ਼ਵਵਿਆਪੀ ਬਾਜ਼ਾਰਾਂ ਦੋਵਾਂ ਲਈ ਐਚਵੀਏਸੀ ਹੱਲਾਂ ਦੇ ਉੱਨਤ ਡਿਜ਼ਾਈਨ, ਪ੍ਰਮਾਣਿਕਤਾ ਅਤੇ ਟੈਸਟਿੰਗ 'ਤੇ ਕੇਂਦ੍ਰਤ ਕਰੇਗਾ, ਜਦੋਂ ਕਿ ਲਗਭਗ 1,000 ਉੱਚ-ਮੁੱਲ ਵਾਲੀਆਂ ਇੰਜੀਨੀਅਰਿੰਗ ਅਤੇ ਤਕਨੀਕੀ ਨੌਕਰੀਆਂ ਪੈਦਾ ਕਰੇਗਾ। ਉਹਨਾਂ ਅੱਗੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ ਦੀ ਉਮੀਦ ਕਰਦੇ ਹਾਂ ਕਿਉਂਕਿ ਅਸੀਂ ਵਿਸ਼ਵ ਵਿਆਪੀ ਐਚਵੀਏਸੀ ਮੁੱਲ ਲੜੀ ਵਿੱਚ ਭਾਰਤ ਦੀ ਸਥਿਤੀ ਨੂੰ ਮਜ਼ਬੂਤ ਕਰਦੇ ਹਾਂ। ਅੰਬਰ ਗਰੁੱਪ ਦੀ ਰਾਜਪੁਰਾ ਵਿੱਚ ਪਹਿਲਾਂ ਹੀ ਇੱਕ ਮਜ਼ਬੂਤ ਸਥਿਤੀ ਹੈ, ਜਿੱਥੇ ਉਹ ਇੱਕ ਸ਼ੀਟ ਮੈਟਲ ਨਿਰਮਾਣ ਸਹੂਲਤ ਚਲਾਉਂਦਾ ਹੈ, ਜੋ ਮੌਜੂਦਾ ਖੋਜ ਅਤੇ ਵਿਕਾਸ ਕੇਂਦਰ ਦੇ ਨਾਲ-ਨਾਲ ਕਈ ਪੁਰਜ਼ਿਆਂ ਦੀ ਲੋੜਾਂ ਨੂੰ ਪੂਰਾ ਕਰਦਾ ਹੈ। ਇਹ ਸਹੂਲਤ ਰਾਜ ਵਿੱਚ ਆਪਣੀ ਨਿਵੇਕਲਤਾ ਦਾ ਹੋਰ ਵਿਸਥਾਰ ਕਰੇਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਅੰਬਰ ਗਰੁੱਪ ਕਈ ਪ੍ਰਮੁੱਖ ਗਲੋਬਲ ਬ੍ਰਾਂਡਾਂ ਲਈ ਏਅਰ ਕੰਡੀਸ਼ਨਰਾਂ ਅਤੇ ਕੰਪੋਨੈਂਟਸ ਲਈ ਹੱਲ ਪ੍ਰਦਾਨ ਕਰਦਾ ਹੈ, ਜਿਨ੍ਹਾਂ ਵਿੱਚ ਡਾਇਕਿਨ, ਮਿਤਸੁਬੀਸ਼ੀ, ਪੈਨਾਸੋਨਿਕ, ਹਿਟਾਚੀ, ਫੁਜਿਤਸੁ ਜਨਰਲ, ਐਲਜੀ ਅਤੇ ਸੈਮਸੰਗ, ਵੋਲਟਾਸ, ਗੋਦਰੇਜ ਆਦਿ ਸ਼ਾਮਲ ਹਨ, ਜੋ ਕਿ ਗਲੋਬਲ ਵੈਲਯੂ ਚੇਨਸ ਨਾਲ ਪੰਜਾਬ ਦੇ ਏਕੀਕਰਨ ਨੂੰ ਉਜਾਗਰ ਕਰਦੇ ਹਨ।ਅਰੋੜਾ ਨੇ ਕਿਹਾ ਕਿ ਅਜਿਹੇ ਨਿਵੇਸ਼ ਗਲੋਬਲ ਓਈਐਮਜ਼ ਲਈ ਇੱਕ ਭਰੋਸੇਮੰਦ ਭਾਈਵਾਲ ਵਜੋਂ ਪੰਜਾਬ ਵਿੱਚ ਵਿਸ਼ਵਾਸ ਨੂੰ ਮਜ਼ਬੂਤ ਕਰਦੇ ਹਨ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ, ਤੁਰੰਤ ਪ੍ਰਵਾਨਗੀਆਂ ਅਤੇ ਨਿਵੇਸ਼ਕਾਂ ਦੀ ਸਹੂਲਤ ਦੇ ਉਦੇਸ਼ ਨਾਲ ਸਾਡੇ ਨਿਰੰਤਰ ਸੁਧਾਰਾਂ ਦੀ ਸਫ਼ਲਤਾ ਨੂੰ ਦਰਸਾਉਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਐਂਬਰ ਗਰੁੱਪ ਅਤੇ ਹੋਰ ਨਿਵੇਸ਼ਕਾਂ ਨੂੰ ਸਰਗਰਮ ਸਹੂਲਤ, ਬੁਨਿਆਦੀ ਢਾਂਚਾ ਵਿਕਾਸ ਅਤੇ ਨੀਤੀ ਸਥਿਰਤਾ ਰਾਹੀਂ ਪੂਰਾ ਸਮਰਥਨ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਵਿਧਾਨ ਸਭਾ ਹਲਕਾ ਪੱਟੀ ਵਿੱਚੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਵਿੱਚ ਸ਼ਾਨਦਾਰ ਤੇ ਇਤਿਹਾਸਕ ਜਿੱਤ ਲਈ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਹਲਕੇ ਦੇ ਵੋਟਰਾਂ ਦਾ ਧੰਨਵਾਦ ਕੀਤਾ

ਪੱਟੀ
ਦਰਸ਼ਨ ਸਿੰਘ ਸੰਧੂ

ਵਿਧਾਨ ਸਭਾ ਹਲਕਾ ਪੱਟੀ ਅਧੀਨ ਪੈਂਦੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੇ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਇਤਿਹਾਸਕ ਜਿੱਤ ਦਰਜ ਕੀਤੀ ਹੈ ਕਿ ਜੋ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਦੀ ਜਿੱਤ ਹੈ। ਆਪਣੇ ਹਲਕੇ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਅਤੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਵਿਧਾਨ ਸਭਾ ਹਲਕਾ ਪੱਟੀ ਦੇ ਵਿਧਾਇਕ ਅਤੇ ਸੂਬਾ ਸਰਕਾਰ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਉਹ ਆਪ ਦੀ ਹੋਈ ਇਤਿਹਾਸਿਕ ਜਿੱਤ 'ਤੇ ਦਿਨ-ਰਾਤ ਮਿਹਨਤ ਕਰਨ ਵਾਲੇ ਆਮ ਆਦਮੀ ਪਾਰਟੀ ਦੇ ਸਾਰੇ ਹੀ ਅਹੁਦੇਦਾਰਾਂ, ਆਗੂਆਂ ਦਾ ਅਤੇ ਹਰ ਵਲੰਟੀਅਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਨ।

ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਵਿਧਾਨ ਸਭਾ



ਹਲਕਾ ਪੱਟੀ ਵਿੱਚ ਜ਼ਿਲ੍ਹਾ ਪ੍ਰੀਸ਼ਦ ਦੇ ਸਾਰੇ ਹੀ 5 ਜੋਨਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ ਹਨ। ਇਸੇ ਤਰ੍ਹਾਂ ਹਲਕੇ ਵਿੱਚ ਪੰਚਾਇਤ ਸੰਮਤੀਆਂ ਦੇ 25 ਜੋਨਾਂ ਵਿਚੋਂ 23 ਜੋਨਾਂ ਉੱਪਰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਜਿੱਤ ਦਰਜ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਜਿੱਤ ਸਾਬਿਤ ਕਰਦੀ ਹੈ ਕਿ ਲੋਕ ਮਾਨ ਸਰਕਾਰ ਦੀਆ ਲੋਕ-ਪੱਖੀ ਨੀਤੀਆਂ ਤੋਂ ਸੰਤੁਸ਼ਟ ਹਨ, ਲੋਕ ਮੁਫ਼ਤ ਬਿਜਲੀ, ਸਿੱਖਿਆ ਕ੍ਰਾਂਤੀ, ਰੁਜ਼ਗਾਰ ਕ੍ਰਾਂਤੀ ਅਤੇ ਮਾਨ ਸਰਕਾਰ ਦੁਆਰਾ ਹੋਏ ਹੋਰ ਲੋਕ ਪੱਖੀ ਕੰਮਾਂ ਤੋਂ ਖ਼ੁਸ਼ ਹਨ ਅਤੇ ਮਾਨ ਸਰਕਾਰ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਜੋ ਕੰਮ 70 ਸਾਲਾਂ 'ਚ ਨਹੀਂ ਕਰ ਸਕੀਆਂ ਉਹ ਕੰਮ ਲੋਕਾਂ ਦੀ ਆਪਣੀ ਸਰਕਾਰ ਨੇ ਸਿਰਫ਼ 4 ਸਾਲਾਂ 'ਚ ਕਰ ਦਿਖਾਏ ਹਨ, ਤਾਂ ਹੀ ਹਰ ਪੰਜਾਬੀ ਅੱਜ ਮਾਨ ਸਰਕਾਰ ਦੇ ਨਾਲ ਖੜ੍ਹਾ ਹੈ। ਉਨ੍ਹਾਂ ਇਸ ਸ਼ਾਨਦਾਰ ਜਿੱਤ ਲਈ ਪਾਰਟੀ ਦੇ ਹਰ ਇੱਕ ਵਲੰਟੀਅਰ, ਆਗੂ ਸਾਥੀਆਂ ਅਤੇ ਆਪਣੇ ਹਲਕੇ ਦੇ ਸਮੂਹ ਵੋਟਰਾਂ ਦਾ ਧੰਨਵਾਦ ਕੀਤਾ ਹੈ।

# ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜੋਰ ਵਰਗਾਂ ਦੇ ਲਾਭਪਾਤਰੀਆਂ ਲਈ 12.44 ਕਰੋੜ ਦੀ ਰਾਸ਼ੀ ਜਾਰੀ- ਡਾ. ਬਲਜੀਤ ਕੌਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ 2440 ਲਾਭਪਾਤਰੀਆਂ ਨੂੰ 12.44 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਲਈ ਅਸ਼ੀਰਵਾਦ ਸਕੀਮ ਅਧੀਨ ਜਿਲਾ ਅੰਮ੍ਰਿਤਸਰ, ਬਰਨਾਲਾ, ਬਠਿੰਡਾ, ਫਿਰੋਜਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਮਾਨਸਾ, ਸ੍ਰੀ ਮੁਕਤਸਰ ਸਾਹਿਬ ਪਟਿਆਲਾ ਰੂਪਨਗਰ, ਐਸ.ਏ.ਐਸ.ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਦੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ ਕੁੱਲ 2440 ਲਾਭਪਾਤਰੀਆਂ ਦੀਆਂ ਦਰਖਾਸਤਾਂ ਚਾਲੂ ਸਾਲ ਦੌਰਾਨ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਸਨ। ਇਹਨਾਂ 2440 ਲਾਭਪਾਤਰੀਆਂ ਨੂੰ ਕਵਰ ਕਰਨ ਲਈ 12.44 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਸਮਾਜਿਕ ਨਿਆਂ ਮੰਤਰੀ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਜਿਲ੍ਹਾ ਜਿਲ੍ਹਾ ਅੰਮ੍ਰਿਤਸਰ ਦੇ 657, ਬਰਨਾਲਾ ਦੇ 07, ਬਠਿੰਡਾ ਦੇ 44, ਫਿਰੋਜਪੁਰ ਦੇ 124, ਗੁਰਦਾਸਪੁਰ ਦੇ 509, ਹੁਸ਼ਿਆਰਪੁਰ ਦੇ 79 ਅਤੇ ਜਲੰਧਰ ਦੇ 92 ਲਾਭਪਾਤਰੀਆਂ ਨੂੰ ਲਾਭ ਦਿੱਤਾ ਗਿਆ ਹੈ।ਇਸੇ ਤਰ੍ਹਾਂ ਜਿਲ੍ਹਾ ਮਾਨਸਾ ਦੇ 143, ਸ੍ਰੀ ਮੁਕਤਸਰ ਸਾਹਿਬ ਦੇ 70, ਪਟਿਆਲਾ ਦੇ 42, ਪਠਾਨਕੋਟ ਦੇ 290 ਰੂਪਨਗਰ ਦੇ 35, ਐਸ.ਏ.ਐਸ.ਨਗਰ ਦੇ 13, ਸੰਗਰੂਰ ਦੇ 50 ਅਤੇ ਮਾਲੇਰਕੋਟਲਾ ਦੇ 285 ਲਾਭਪਾਤਰੀਆਂ ਨੂੰ ਵੀ ਲਾਭ ਦਿੱਤਾ ਗਿਆ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਤ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾ ਤੋ ਸਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਦੇ ਯੋਗ ਹਨ।ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਧਭਠ ਰਾਹੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾ ਨੂੰ ਆਰਥਿਕ ਤੌਰ ਤੇ ਹੋਰ ਮਜ਼ਬੂਤ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।ਡਾ ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹੋਰ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ, ਉਥੇ ਹੀ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ



ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲੋਕਾਂ ਦੀ ਭਲਾਈ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ।


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


PACIFIC ATLANTIC
INSURANCE SERVICES INC.
AGENCY LIC# 6022536
ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ
ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ
ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ
ਕਾਰੋਬਾਰ ਦੀ ਇੰਸ਼ੋਰੈਂਸ
ਕਾਰ ਜਾਂ ਘਰ ਦੀ ਇੰਸ਼ੋਰੈਂਸ
ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ
ਸੰਪਰਕ ਕਰੋ
Farhan Ali
CLIENT RELATIONS MANAGER
Jessie Ghangas
BROKER AGENT CA LIC# 0171673
(916)800-9828
621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com
ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :

WE HAVE THE CHEAPEST FARES TO INDIA

# LEGEND TRAVEL

arc accredited agency

CST # 207524-40

Special Fares To India From West-coast (us) On Air India Direct Flights



JATINDER SINGH



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US

(510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# ਹਾਂਸੀ: ਇਤਿਹਾਸ ਦੇ ਕੇਂਦਰ ਤੋਂ ਹਾਸ਼ੀਏ ਤੱਕ ਅਤੇ ਫਿਰ ਜ਼ਿਲ੍ਹੇ ਦੀ ਦਹਿਲੀਜ਼ ਤੱਕ

## (ਹਾਂਸੀ: ਇਤਿਹਾਸ ਨੇ ਜ਼ਿਲ੍ਹਾ ਖੋਹ ਲਿਆ, ਸਮੇਂ ਨੇ ਵਾਪਸ ਕਰ ਦਿੱਤਾ)



ਪ੍ਰਿਅੰਕਾ ਸੌਰਭ
ਕਵੀ, ਸੁਤੰਤਰ ਪੱਤਰਕਾਰ ਅਤੇ ਕਾਲਮਨਵੀਸ,
ਉੱਬਾ ਭਵਨ, ਆਰੀਅਨਗਰ, ਹਿਸਾਰ
7015375570 (ਟਾਕ+ਵਟਸਐਪ)

ਹਾਂਸੀ ਕਦੇ ਹਰਿਆਣਾ ਖੇਤਰ ਦੀ ਰਾਜਧਾਨੀ ਸੀ। ਜਾਰਜ ਥਾਮਸ ਦੇ ਰਾਜ ਦੌਰਾਨ, ਇਹ ਇੱਕ ਪ੍ਰਸ਼ਾਸਕੀ ਅਤੇ ਵਪਾਰਕ ਕੇਂਦਰ ਵਜੋਂ ਕੰਮ ਕਰਦਾ ਸੀ। ਮੁਗਲ ਕਾਲ ਦੌਰਾਨ, ਇੱਥੇ ਇੱਕ ਟਕਸਾਲ ਅਤੇ ਇੱਕ ਫੌਜੀ ਛਾਉਣੀ ਸਥਾਪਤ ਕੀਤੀ ਗਈ ਸੀ। 1857 ਦੇ ਵਿਦਰੋਹ ਵਿੱਚ ਅੰਗਰੇਜ਼ਾਂ ਵਿਰੁੱਧ ਤਿੱਖੇ ਵਿਰੋਧ ਦੇ ਕਾਰਨ, ਹਾਂਸੀ ਨੂੰ ਇਸਦੇ ਜ਼ਿਲ੍ਹੇ ਦਾ ਦਰਜਾ ਖੋਹ ਲਿਆ ਗਿਆ ਸੀ, ਅਤੇ ਹਿਸਾਰ ਨੂੰ 1870-1880 ਦੇ ਆਸਪਾਸ ਬਣਾਇਆ ਗਿਆ ਸੀ। 1966 ਵਿੱਚ ਹਰਿਆਣਾ ਦੇ ਗਠਨ ਤੋਂ ਬਾਅਦ, ਹਿਸਾਰ ਨੂੰ ਕਈ ਵਾਰ ਪੁਨਰਗਠਿਤ ਕੀਤਾ ਗਿਆ ਸੀ। 2025 ਵਿੱਚ, ਹਾਂਸੀ ਨੂੰ ਇੱਕ ਜ਼ਿਲ੍ਹੇ ਵਜੋਂ ਘੋਸ਼ਿਤ ਕੀਤਾ ਗਿਆ ਸੀ, ਇੱਕ ਕਦਮ ਨੂੰ ਇਤਿਹਾਸਕ ਨਿਆਂ ਵਜੋਂ ਦੇਖਿਆ ਜਾਂਦਾ ਹੈ।

ਇਤਿਹਾਸ ਕਦੇ ਵੀ ਅਚਾਨਕ ਨਹੀਂ ਬਦਲਦਾ; ਇਹ ਹੌਲੀ-ਹੌਲੀ ਮੋੜ ਲੈਂਦਾ ਹੈ। ਹਰਿਆਣਾ ਦਾ ਪ੍ਰਾਚੀਨ ਸ਼ਹਿਰ ਹਾਂਸੀ ਇਸਦੀ ਇੱਕ ਜਿਉਂਦੀ ਜਾਗਦੀ ਉਦਾਹਰਣ ਹੈ। ਇੱਕ ਵਾਰ ਉੱਤਰੀ ਭਾਰਤ ਵਿੱਚ ਸ਼ਕਤੀ, ਪ੍ਰਸ਼ਾਸਨ, ਵਪਾਰ ਅਤੇ ਰਣਨੀਤਕ ਮਹੱਤਵ ਦੇ ਸਭ ਤੋਂ ਮਹੱਤਵਪੂਰਨ ਕੇਂਦਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਸੀ, ਇਹੀ ਸ਼ਹਿਰ ਸਦੀਆਂ ਤੋਂ ਸ਼ਾਸਨ ਦਾ ਇੱਕ ਮਹੱਤਵਪੂਰਨ ਕੇਂਦਰ ਸੀ। ਅੱਜ, ਸਾਲਾਂ ਦੀ ਪ੍ਰਸ਼ਾਸਕੀ ਅਣਗਹਿਲੀ ਤੋਂ ਬਾਅਦ, ਹਾਂਸੀ ਇੱਕ ਵਾਰ ਫਿਰ ਇੱਕ ਜ਼ਿਲ੍ਹੇ ਵਜੋਂ ਆਪਣੀ ਪਛਾਣ ਮੁੜ ਪ੍ਰਾਪਤ ਕਰਨ ਵੱਲ ਵਧ ਰਿਹਾ ਹੈ। 2025 ਵਿੱਚ ਹਾਂਸੀ ਦੇ ਨਵੇਂ ਜ਼ਿਲ੍ਹਾ ਦਰਜੇ ਦੀ ਘੋਸ਼ਣਾ ਨੂੰ ਸਿਰਫ਼ ਇੱਕ ਪ੍ਰਸ਼ਾਸਨਿਕ ਫੈਸਲੇ ਵਜੋਂ ਹੀ ਨਹੀਂ, ਸਗੋਂ ਇਤਿਹਾਸ ਦੇ ਇੱਕ ਅਧੂਰੇ ਅਧਿਆਇ ਨੂੰ ਪੂਰਾ ਕਰਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ।

ਹਾਂਸੀ ਦੀ ਸ਼ਾਨ ਅੰਗਰੇਜ਼ਾਂ ਦੇ ਭਾਰਤ ਆਉਣ ਤੋਂ ਬਹੁਤ ਪਹਿਲਾਂ ਆਪਣੇ ਸਿਖਰ 'ਤੇ ਸੀ। ਜਾਰਜ ਥਾਮਸ ਦੇ ਰਾਜ ਦੌਰਾਨ, ਹਾਂਸੀ ਹਰਿਆਣਾ ਖੇਤਰ ਦੀ ਰਾਜਧਾਨੀ ਵਜੋਂ ਸੇਵਾ ਨਿਭਾਉਂਦਾ ਸੀ। ਉਸ ਸਮੇਂ, ਇਹ ਸ਼ਹਿਰ ਦਿੱਲੀ ਪਰਗਨਾ ਦੇ ਅਧੀਨ ਉੱਤਰੀ ਭਾਰਤ ਦੇ ਪ੍ਰਮੁੱਖ ਵਪਾਰਕ ਕੇਂਦਰਾਂ ਵਿੱਚੋਂ ਇੱਕ ਸੀ। ਹਾਂਸੀ ਤੋਂ ਪ੍ਰਸ਼ਾਸਨਿਕ ਆਦੇਸ਼ ਜਾਰੀ ਕੀਤੇ ਜਾਂਦੇ ਸਨ, ਅਤੇ ਆਲੇ ਦੁਆਲੇ ਦੇ ਖੇਤਰ ਦਾ ਸ਼ਾਸਨ ਕੀਤਾ ਜਾਂਦਾ ਸੀ। ਇਹ ਸ਼ਹਿਰ ਨਾ ਸਿਰਫ਼ ਸ਼ਕਤੀ ਦਾ ਕੇਂਦਰ ਸੀ, ਸਗੋਂ ਵਪਾਰ, ਸੱਭਿਆਚਾਰਕ ਆਦਾਨ-ਪ੍ਰਦਾਨ ਅਤੇ ਫੌਜੀ ਰਣਨੀਤੀਆਂ ਦਾ ਇੱਕ ਪ੍ਰਮੁੱਖ ਕੇਂਦਰ ਵੀ ਸੀ।

ਮੁਗਲ ਕਾਲ ਦੌਰਾਨ ਵੀ ਹਾਂਸੀ ਦੀ ਮਹੱਤਤਾ ਘੱਟ ਨਹੀਂ ਹੋਈ। ਅਕਬਰ ਦੇ ਰਾਜ ਦੇ ਇਤਿਹਾਸਕ ਦਸਤਾਵੇਜ਼ ਅਤੇ ਨਕਸ਼ੇ ਹਾਂਸੀ ਨੂੰ ਇੱਕ ਮਹੱਤਵਪੂਰਨ ਮੁਗਲ ਕੇਂਦਰ ਵਜੋਂ ਦਰਸਾਉਂਦੇ ਹਨ। ਇੱਥੇ ਇੱਕ ਟਕਸਾਲ ਸਥਾਪਿਤ ਕੀਤੀ ਗਈ ਸੀ, ਜਿੱਥੇ ਸਿੱਕੇ ਬਣਾਏ ਜਾਂਦੇ ਸਨ। ਕਿਸੇ ਵੀ ਸ਼ਹਿਰ ਵਿੱਚ ਟਕਸਾਲ ਦੀ ਮੌਜੂਦਗੀ ਨੂੰ ਇਸਦੀ ਆਰਥਿਕ ਅਤੇ ਪ੍ਰਸ਼ਾਸਕੀ ਤਾਕਤ ਦਾ ਪ੍ਰਤੀਕ ਮੰਨਿਆ ਜਾਂਦਾ ਸੀ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਹਾਂਸੀ ਸਿਰਫ਼ ਇੱਕ ਸ਼ਹਿਰ ਨਹੀਂ ਸੀ, ਸਗੋਂ ਉਸ ਯੁੱਗ ਦੀ ਆਰਥਿਕਤਾ ਦਾ ਇੱਕ ਮਹੱਤਵਪੂਰਨ ਥੰਮ੍ਹ ਸੀ।

ਹਾਂਸੀ ਦੀ ਭੂਗੋਲਿਕ ਸਥਿਤੀ ਨੇ ਇਸਨੂੰ ਰਣਨੀਤਕ ਤੌਰ 'ਤੇ ਬਹੁਤ ਮਹੱਤਵਪੂਰਨ ਬਣਾਇਆ। ਦਿੱਲੀ, ਪੰਜਾਬ ਅਤੇ ਰਾਜਸਥਾਨ ਨੂੰ ਜਾਣ ਵਾਲੇ ਰਸਤਿਆਂ 'ਤੇ ਸਥਿਤ, ਮੁਗਲਾਂ ਨੇ ਇੱਥੇ ਇੱਕ ਫੌਜੀ ਛਾਉਣੀ ਸਥਾਪਤ ਕੀਤੀ। ਬਾਅਦ ਵਿੱਚ, ਅੰਗਰੇਜ਼ਾਂ ਨੇ ਇਸ ਰਣਨੀਤਕ ਮਹੱਤਤਾ ਨੂੰ ਪਛਾਣਦੇ ਹੋਏ, ਇੱਥੇ ਇੱਕ ਫੌਜੀ ਮੌਜੂਦਗੀ ਬਣਾਈ ਰੱਖੀ। ਹਾਂਸੀ ਦੀ ਕਿਲਾਬੰਦੀ, ਪ੍ਰਸ਼ਾਸਨਿਕ ਢਾਂਚੇ ਅਤੇ ਫੌਜੀ ਪ੍ਰਣਾਲੀ ਨੇ ਇਸਨੂੰ ਉੱਤਰੀ ਭਾਰਤ ਦੇ ਸੁਰੱਖਿਅਤ ਅਤੇ ਸੰਗਠਿਤ ਸ਼ਹਿਰਾਂ ਵਿੱਚੋਂ ਇੱਕ ਬਣਾ ਦਿੱਤਾ।

ਪਰ 1857 ਦੀ ਪਹਿਲੀ ਆਜ਼ਾਦੀ ਦੀ ਲੜਾਈ ਨਾਲ ਇਤਿਹਾਸ ਦਾ ਰਾਹ ਬਦਲ ਗਿਆ। ਹਾਂਸੀ ਅਤੇ ਆਲੇ-ਦੁਆਲੇ ਦੇ ਇਲਾਕਿਆਂ ਨੇ ਖੁੱਲ੍ਹ ਕੇ ਬ੍ਰਿਟਿਸ਼ ਸ਼ਾਸਨ ਵਿਰੁੱਧ ਬਗਾਵਤ ਕੀਤੀ। ਇਹ ਖੇਤਰ ਉਨ੍ਹਾਂ ਖੇਤਰਾਂ ਵਿੱਚੋਂ ਇੱਕ ਸੀ ਜਿੱਥੇ ਬ੍ਰਿਟਿਸ਼ ਨੂੰ ਸਭ ਤੋਂ ਵੱਧ ਤਿੱਖੇ ਵਿਰੋਧ ਦਾ ਸਾਹਮਣਾ ਕਰਨਾ ਪਿਆ। ਸਥਾਨਕ ਲੋਕਾਂ, ਸਿਪਾਹੀਆਂ ਅਤੇ ਜ਼ਿਮੀਂਦਾਰਾਂ ਨੇ ਬ੍ਰਿਟਿਸ਼ ਅਧਿਕਾਰ ਨੂੰ ਚੁਣੌਤੀ ਦਿੱਤੀ। ਇਹ ਬਗਾਵਤ ਬ੍ਰਿਟਿਸ਼ ਲਈ ਸਿਰਫ਼ ਕਾਨੂੰਨ ਵਿਵਸਥਾ ਦੀ ਸਮੱਸਿਆ ਨਹੀਂ ਸੀ, ਸਗੋਂ ਉਨ੍ਹਾਂ ਦੇ ਅਧਿਕਾਰ ਲਈ ਸਿੱਧੀ ਚੁਣੌਤੀ ਸੀ।

1857 ਦੇ ਵਿਦਰੋਹ ਤੋਂ ਬਾਅਦ, ਅੰਗਰੇਜ਼ਾਂ ਨੇ ਬਦਲੇ ਦੀ ਨੀਤੀ ਅਪਣਾਈ। ਜਿਨ੍ਹਾਂ ਖੇਤਰਾਂ ਨੇ ਸਭ ਤੋਂ ਵੱਧ ਵਿਰੋਧ ਕੀਤਾ, ਉਹ ਪ੍ਰਸ਼ਾਸਨਿਕ ਤੌਰ 'ਤੇ ਕਮਜ਼ੋਰ ਹੋ ਗਏ। ਹਾਂਸੀ ਵੀ ਇਸ ਨੀਤੀ ਦਾ ਸ਼ਿਕਾਰ ਹੋ ਗਿਆ। ਹਾਲਾਂਕਿ ਹਾਂਸੀ ਦੇ ਜ਼ਿਲ੍ਹੇ ਦੇ ਦਰਜੇ ਦੀ ਕੋਈ ਸਟੀਕ ਅਤੇ ਪ੍ਰਮਾਣਿਕ ਤਾਰੀਖ ਨਹੀਂ ਹੈ, ਇਤਿਹਾਸਕਾਰਾਂ ਦਾ ਮੰਨਣਾ ਹੈ ਕਿ 1870 ਅਤੇ 1880 ਦੇ ਵਿਚਕਾਰ, ਅੰਗਰੇਜ਼ਾਂ ਨੇ ਜ਼ਿਲ੍ਹਾ ਹੈੱਡਕੁਆਰਟਰ ਹਾਂਸੀ ਤੋਂ ਹਿਸਾਰ ਤਬਦੀਲ ਕਰ ਦਿੱਤਾ, ਜਿਸ ਨਾਲ ਇੱਕ ਨਵਾਂ ਜ਼ਿਲ੍ਹਾ ਸਥਾਪਤ ਹੋ ਗਿਆ। ਇਸ ਨਾਲ ਹਾਂਸੀ ਦੀ ਪ੍ਰਸ਼ਾਸਕੀ ਮਹੱਤਤਾ ਲਗਭਗ ਖਤਮ ਹੋ ਗਈ।

ਹਿਸਾਰ ਨੂੰ ਜ਼ਿਲ੍ਹਾ ਬਣਾ ਕੇ, ਅੰਗਰੇਜ਼ਾਂ ਨੇ ਨਾ ਸਿਰਫ਼ ਪ੍ਰਸ਼ਾਸਕੀ ਢਾਂਚੇ ਨੂੰ ਬਦਲ ਦਿੱਤਾ ਸਗੋਂ ਹਾਂਸੀ ਦੀ ਇਤਿਹਾਸਕ ਭੂਮਿਕਾ ਨੂੰ ਵੀ ਹਾਸ਼ੀਏ 'ਤੇ ਧੱਕ ਦਿੱਤਾ। ਫਤਿਹਾਬਾਦ ਅਤੇ ਸਿਰਸਾ ਵਰਗੇ ਖੇਤਰਾਂ ਦਾ ਸ਼ਾਸਨ ਹਿਸਾਰ ਤੋਂ ਕੀਤਾ ਜਾਂਦਾ ਸੀ। ਇਹ ਤਬਦੀਲੀ ਸਿਰਫ਼ ਸਹੂਲਤ ਦਾ ਮਾਮਲਾ ਨਹੀਂ ਸੀ, ਸਗੋਂ ਇੱਕ ਅਜਿਹੇ ਖੇਤਰ ਨੂੰ ਕੰਟਰੋਲ ਕਰਨ ਦੀ ਰਣਨੀਤੀ ਸੀ ਜਿਸਨੇ ਬ੍ਰਿਟਿਸ਼ ਸ਼ਾਸਨ ਵਿਰੁੱਧ ਬਗਾਵਤ ਕਰਨ ਦੀ ਹਿੰਮਤ ਕੀਤੀ ਸੀ।

ਇਤਿਹਾਸਕਾਰ ਇਹ ਵੀ ਦੱਸਦੇ ਹਨ ਕਿ ਲਗਭਗ 1700 ਈਸਵੀ ਵਿੱਚ, ਹਰਿਆਣਾ ਪੰਜਾਬ ਤੋਂ ਵੱਖਰਾ ਇੱਕ ਵੱਖਰਾ ਭੂ-ਰਾਜਨੀਤਿਕ ਪਛਾਣ ਵਾਲੇ ਨਕਸ਼ਿਆਂ 'ਤੇ ਮੌਜੂਦ ਸੀ। ਉਸ ਸਮੇਂ ਦੇ ਬਹੁਤ ਸਾਰੇ ਨਕਸ਼ੇ ਅਜੇ ਵੀ ਉਪਲਬਧ ਹਨ, ਜੋ ਹਾਂਸੀ ਨੂੰ ਹਰਿਆਣਾ ਦੀ ਰਾਜਧਾਨੀ ਵਜੋਂ ਦਰਸਾਉਂਦੇ ਹਨ। ਜਾਰਜ ਥਾਮਸ ਨੇ ਹਾਂਸੀ ਨੂੰ ਆਪਣਾ ਮੁੱਖ ਕੇਂਦਰ ਬਣਾ ਕੇ ਪੂਰੇ ਖੇਤਰ 'ਤੇ ਰਾਜ ਕੀਤਾ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਹਾਂਸੀ ਦੀ ਮਹੱਤਤਾ ਕਿਸੇ ਇੱਕ ਸ਼ਾਸਕ ਜਾਂ ਸਮੇਂ ਤੱਕ ਸੀਮਤ ਨਹੀਂ ਸੀ; ਸਗੋਂ, ਇਹ ਲੰਬੇ ਸਮੇਂ ਤੱਕ ਸ਼ਕਤੀ ਦਾ ਕੇਂਦਰ ਰਿਹਾ।

ਆਜ਼ਾਦੀ ਤੋਂ ਬਾਅਦ, ਜਦੋਂ 1966 ਵਿੱਚ ਹਰਿਆਣਾ ਰਾਜ ਬਣਿਆ, ਹਿਸਾਰ ਰਾਜ ਦਾ ਸਭ ਤੋਂ ਵੱਡਾ ਜ਼ਿਲ੍ਹਾ ਸੀ। ਉਸ ਸਮੇਂ, ਹਾਂਸੀ ਆਪਣੀ ਇਤਿਹਾਸਕ ਸਥਿਤੀ ਨੂੰ ਮੁੜ ਪ੍ਰਾਪਤ ਕਰਨ ਦੀ ਉਮੀਦ ਕਰ ਰਿਹਾ ਸੀ। ਹਾਲਾਂਕਿ, ਪ੍ਰਬੰਧਕੀ ਤਰਜੀਹਾਂ ਅਤੇ ਰਾਜਨੀਤਿਕ ਸੰਤੁਲਨ ਨੇ ਅਜਿਹਾ ਹੋਣ ਤੋਂ ਰੋਕਿਆ। ਇਸ ਦੀ ਬਜਾਏ, ਹਿਸਾਰ ਜ਼ਿਲ੍ਹੇ ਨੂੰ ਸਮੇਂ-ਸਮੇਂ 'ਤੇ ਪੁਨਰਗਠਿਤ ਕੀਤਾ ਜਾਂਦਾ ਰਿਹਾ।

1972 ਵਿੱਚ ਭਿਵਾਨੀ ਨੂੰ ਇੱਕ ਵੱਖਰਾ ਜ਼ਿਲ੍ਹਾ ਬਣਾਇਆ ਗਿਆ ਸੀ। ਸਿਰਸਾ ਤੋਂ ਬਾਅਦ 1975 ਵਿੱਚ ਅਤੇ ਫਤਿਹਾਬਾਦ ਨੂੰ 1997 ਵਿੱਚ ਜ਼ਿਲ੍ਹੇ ਦਾ ਦਰਜਾ ਦਿੱਤਾ ਗਿਆ ਸੀ। 2016 ਵਿੱਚ ਚਰਖੀ ਦਾਦਰੀ ਭਿਵਾਨੀ ਤੋਂ ਵੱਖ ਹੋ ਕੇ ਇੱਕ ਨਵਾਂ ਜ਼ਿਲ੍ਹਾ ਬਣ ਗਿਆ। ਇਨ੍ਹਾਂ ਸਾਰੀਆਂ ਡਿਵੀਜ਼ਨਾਂ ਨੇ ਹਿਸਾਰ ਦੇ ਪ੍ਰਸ਼ਾਸਕੀ ਨਕਸ਼ੇ ਨੂੰ ਲਗਾਤਾਰ ਬਦਲਿਆ ਅਤੇ ਘਟਾਇਆ ਹੈ, ਪਰ ਹਾਂਸੀ ਨੂੰ ਹਰ ਵਾਰ ਜ਼ਿਲ੍ਹਾ ਸੂਚੀ ਵਿੱਚੋਂ ਬਾਹਰ ਰੱਖਿਆ ਗਿਆ ਹੈ।

ਇਸ ਅਣਗਹਿਲੀ ਨੇ ਹੌਲੀ-ਹੌਲੀ ਹਾਂਸੀ ਵਿੱਚ ਅਸੰਤੁਸ਼ਟੀ ਪੈਦਾ ਕਰ ਦਿੱਤੀ। ਲੋਕਾਂ ਨੂੰ ਲੱਗਣ ਲੱਗਾ ਕਿ ਇਹ ਸਿਰਫ਼ ਪ੍ਰਸ਼ਾਸਕੀ ਅਣਗਹਿਲੀ ਨਹੀਂ ਸੀ, ਸਗੋਂ ਇਤਿਹਾਸਕ ਬੇਇਨਸਾਫ਼ੀ ਦਾ ਵਿਸਥਾਰ ਸੀ। ਪਿਛਲੇ ਦਸ ਸਾਲਾਂ ਤੋਂ, ਹਾਂਸੀ ਨੂੰ ਜ਼ਿਲ੍ਹਾ ਬਣਾਉਣ ਦੀ ਮੰਗ ਜ਼ੋਰ ਫੜਨ ਲੱਗੀ। ਸਥਾਨਕ ਸਮਾਜਿਕ ਸੰਗਠਨਾਂ, ਵਪਾਰਕ ਸੰਗਠਨਾਂ ਅਤੇ ਰਾਜਨੀਤਿਕ ਪ੍ਰਤੀਨਿਧੀਆਂ ਨੇ ਲਗਾਤਾਰ ਇਸ ਮੁੱਦੇ ਨੂੰ ਉਠਾਇਆ। ਇਸ ਮੰਗ ਨੇ ਹੌਲੀ-ਹੌਲੀ ਇੱਕ ਜਨ ਅੰਦੋਲਨ ਦਾ ਰੂਪ ਧਾਰਨ ਕਰ ਲਿਆ।

ਹਾਂਸੀ ਦੇ ਲੋਕਾਂ ਦਾ ਤਰਕ ਸੀ ਕਿ ਇਹ ਸ਼ਹਿਰ ਇਤਿਹਾਸਕ, ਭੂਗੋਲਿਕ ਅਤੇ ਪ੍ਰਸ਼ਾਸਕੀ ਤੌਰ 'ਤੇ ਜ਼ਿਲ੍ਹਾ ਬਣਨ ਦੇ ਸਾਰੇ ਮਾਪਦੰਡਾਂ ਨੂੰ ਪੂਰਾ ਕਰਦਾ ਹੈ। ਇੱਥੇ ਪਹਿਲਾਂ ਹੀ ਕਈ ਪ੍ਰਸ਼ਾਸਕੀ ਦਫ਼ਤਰ ਮੌਜੂਦ ਸਨ। ਆਲੇ ਦੁਆਲੇ ਦੇ ਖੇਤਰਾਂ ਤੋਂ ਦੂਰੀ ਅਤੇ ਆਬਾਦੀ ਦੇ ਦਬਾਅ ਨੂੰ ਧਿਆਨ ਵਿੱਚ ਰੱਖਦੇ ਹੋਏ, ਜ਼ਿਲ੍ਹਾ ਬਣਨਾ ਤਰਕਪੂਰਨ ਮੰਨਿਆ ਜਾਂਦਾ ਸੀ। ਪਰ ਇਨ੍ਹਾਂ ਸਭ ਦਲੀਲਾਂ ਤੋਂ ਉੱਪਰ, ਇੱਕ ਭਾਵਨਾਤਮਕ ਪਹਿਲੂ ਵੀ ਸੀ ਹਾਂਸੀ ਦੇ ਗੁਆਚੇ ਹੋਏ ਮਾਣ ਨੂੰ ਬਹਾਲ ਕਰਨ ਦੀ ਇੱਛਾ।

ਜਦੋਂ 2025 ਵਿੱਚ ਹਾਂਸੀ ਨੂੰ ਇੱਕ ਨਵੇਂ ਜ਼ਿਲ੍ਹੇ ਵਜੋਂ ਘੋਸ਼ਿਤ ਕੀਤਾ ਗਿਆ ਸੀ, ਤਾਂ ਇਸਨੂੰ ਸਿਰਫ਼ ਇੱਕ ਪ੍ਰਸ਼ਾਸਕੀ ਖ਼ਬਰ ਵਜੋਂ ਨਹੀਂ ਦੇਖਿਆ ਗਿਆ ਸੀ। ਇਸ ਐਲਾਨ ਨੂੰ ਹਾਂਸੀ ਦੇ ਇਤਿਹਾਸ, ਸੰਘਰਸ਼ ਅਤੇ ਉਡੀਕ ਦੇ ਸਿਖਰ ਵਜੋਂ ਦੇਖਿਆ ਗਿਆ ਸੀ। ਲੋਕਾਂ ਨੇ ਇਸਨੂੰ 1857 ਤੋਂ ਬਾਅਦ ਅੰਗਰੇਜ਼ਾਂ ਦੁਆਰਾ ਕੀਤੇ ਗਏ ਅਨਿਆਂ ਦੇ ਅੰਸ਼ਕ ਸੁਧਾਰ ਵਜੋਂ ਦੇਖਿਆ, ਜਿਨ੍ਹਾਂ ਨੂੰ ਆਜ਼ਾਦ ਭਾਰਤ ਵਿੱਚ ਲੰਬੇ ਸਮੇਂ ਤੋਂ ਅਣਦੇਖਾ ਕੀਤਾ ਗਿਆ ਸੀ। ਹਾਂਸੀ ਨੂੰ ਇੱਕ ਜ਼ਿਲ੍ਹੇ ਵਜੋਂ ਬਣਾਉਣਾ ਵੀ ਪ੍ਰਸ਼ਾਸਕੀ ਵਿਕੇਂਦਰੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਨਾਲ ਨਾ ਸਿਰਫ਼ ਸਥਾਨਕ ਲੋਕਾਂ ਨੂੰ ਬਿਹਤਰ ਪ੍ਰਸ਼ਾਸਕੀ ਸਹੂਲਤਾਂ ਮਿਲਣਗੀਆਂ ਬਲਕਿ ਖੇਤਰੀ ਵਿਕਾਸ ਨੂੰ ਵੀ ਤੇਜ਼ ਕੀਤਾ ਜਾਵੇਗਾ। ਸਿੱਖਿਆ, ਸਿਹਤ, ਸੜਕਾਂ ਅਤੇ ਰੁਜ਼ਗਾਰ ਵਰਗੇ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਹੋਣ ਦੀ ਸੰਭਾਵਨਾ ਹੈ। ਇਹ ਫੈਸਲਾ ਖੇਤਰੀ ਸੰਤੁਲਨ ਨੂੰ ਵੀ ਮਜ਼ਬੂਤ ਕਰੇਗਾ।

ਇਤਿਹਾਸ ਦਰਸਾਉਂਦਾ ਹੈ ਕਿ ਸੱਤਾ ਦੇ ਕੇਂਦਰ ਤੋਂ ਹਟਾਏ ਗਏ ਸ਼ਹਿਰ ਨਾ ਸਿਰਫ਼ ਭੂਗੋਲਿਕ ਤੌਰ 'ਤੇ, ਸਗੋਂ ਮਨੋਵਿਗਿਆਨਕ ਤੌਰ 'ਤੇ ਵੀ ਹਾਸ਼ੀਏ 'ਤੇ ਧੱਕੇ ਜਾਂਦੇ ਹਨ। ਹਾਂਸੀ ਨੇ ਲੰਬੇ ਸਮੇਂ ਤੱਕ ਇਹ ਕਿਸਮਤ ਝੱਲੀ। ਪਰ ਹੁਣ, ਇੱਕ ਜ਼ਿਲ੍ਹਾ ਬਣਨ ਦੇ ਨਾਲ, ਇਹ ਸ਼ਹਿਰ ਧਿਆਨ ਦੇ ਕੇਂਦਰ ਵਿੱਚ ਵਾਪਸ ਆਉਣ ਲਈ ਤਿਆਰ ਹੈ।

ਹਾਂਸੀ ਦੀ ਕਹਾਣੀ ਸਾਨੂੰ ਇਹ ਵੀ ਸਿਖਾਉਂਦੀ ਹੈ ਕਿ ਇਤਿਹਾਸ ਸਿਰਫ਼ ਕਿਤਾਬਾਂ ਵਿੱਚ ਦਰਜ ਘਟਨਾਵਾਂ ਦਾ ਸੰਗ੍ਰਹਿ ਨਹੀਂ ਹੈ, ਸਗੋਂ ਇਹ ਮੌਜੂਦਾ ਨੀਤੀਆਂ ਅਤੇ ਫੈਸਲਿਆਂ ਨੂੰ ਵੀ ਪ੍ਰਭਾਵਿਤ ਕਰਦਾ ਹੈ। ਹਾਂਸੀ ਨੂੰ ਇੱਕ ਜ਼ਿਲ੍ਹੇ ਵਜੋਂ ਸਥਾਪਿਤ ਕਰਨਾ ਇਸ ਗੱਲ ਦਾ ਸਬੂਤ ਹੈ ਕਿ ਇਤਿਹਾਸ, ਭਾਵੇਂ ਦੇਰੀ ਨਾਲ ਹੀ ਕਿਉਂ ਨਾ ਹੋਵੇ, ਹਮੇਸ਼ਾ ਆਪਣਾ ਸਹੀ ਰਸਤਾ ਲੱਭਦਾ ਹੈ।

ਅੱਜ, ਜਿਵੇਂ ਕਿ ਹਾਂਸੀ ਜ਼ਿਲ੍ਹਾ ਬਣਨ ਦੀ ਦਹਿਲੀਜ਼ 'ਤੇ ਖੜ੍ਹਾ ਹੈ, ਇਹ ਸਿਰਫ਼ ਇੱਕ ਪ੍ਰਸ਼ਾਸਕੀ ਇਕਾਈ ਦੇ ਵਿਸਥਾਰ ਨੂੰ ਹੀ ਨਹੀਂ ਦਰਸਾਉਂਦਾ, ਸਗੋਂ ਇੱਕ ਅਜਿਹੇ ਸ਼ਹਿਰ ਦੀ ਆਤਮਾ ਦੀ ਬਹਾਲੀ ਨੂੰ ਦਰਸਾਉਂਦਾ ਹੈ ਜਿਸਨੇ ਕਦੇ ਹਰਿਆਣਾ ਨੂੰ ਆਪਣੀ ਰਾਜਧਾਨੀ ਪ੍ਰਦਾਨ ਕੀਤੀ ਸੀ, ਜਿਸਨੇ ਅਧਿਕਾਰਾਂ ਦੀ ਉਲੰਘਣਾ ਕੀਤੀ ਸੀ, ਅਤੇ ਜੋ ਲੰਬੇ ਸਮੇਂ ਤੱਕ ਅਣਗਹਿਲੀ ਦਾ ਸਾਹਮਣਾ ਕਰਦਾ ਰਿਹਾ, ਫਿਰ ਵੀ ਆਪਣੀ ਪਛਾਣ ਪ੍ਰਤੀ ਸੱਚਾ ਰਿਹਾ। ਹਾਂਸੀ ਲਈ ਇਹ ਨਵਾਂ ਅਧਿਆਇ ਇਤਿਹਾਸ ਦੇ ਉਸੇ ਪੁਰਾਣੇ ਗੌਰਵ ਨਾਲ ਜੁੜਦਾ ਹੈ ਜਿੱਥੋਂ ਇਸਦੀ ਯਾਤਰਾ ਸ਼ੁਰੂ ਹੋਈ ਸੀ।

**ਹਾਂਸੀ ਇੱਕ ਨਜ਼ਰ 'ਤੇ**

ਪ੍ਰਾਚੀਨ ਪਛਾਣ: ਜਾਰਜ ਥਾਮਸ ਦੇ ਰਾਜ ਦੌਰਾਨ ਹਰਿਆਣਾ ਖੇਤਰ ਦੀ ਰਾਜਧਾਨੀ

ਮੁਗਲ ਕਾਲ: ਅਕਬਰ ਦੇ ਸਮੇਂ ਦੌਰਾਨ ਮੁੱਖ ਪ੍ਰਸ਼ਾਸਕੀ ਕੇਂਦਰ, ਇੱਥੇ ਸਥਾਪਿਤ ਟਕਸਾਲ

ਰਣਨੀਤਕ ਮਹੱਤਵ: ਮੁਗਲ ਅਤੇ ਬ੍ਰਿਟਿਸ਼ ਕਾਲ ਦੌਰਾਨ ਫੌਜੀ ਛਾਉਣੀ

1857 ਦਾ ਵਿਦਰੋਹ: ਅੰਗਰੇਜ਼ਾਂ ਵਿਰੁੱਧ ਸਖ਼ਤ ਵਿਰੋਧ, ਪ੍ਰਸ਼ਾਸਨਿਕ ਸਜ਼ਾ ਮਿਲੀ

ਜ਼ਿਲ੍ਹੇ ਦਾ ਦਰਜਾ ਖੋਹ ਲਿਆ ਗਿਆ: 1870-80 ਦੇ ਆਸ-ਪਾਸ, ਜ਼ਿਲ੍ਹਾ ਹੈੱਡਕੁਆਰਟਰ ਹਾਂਸੀ ਤੋਂ ਤਬਦੀਲ ਕਰ ਦਿੱਤਾ ਗਿਆ।

ਹਿਸਾਰ ਜ਼ਿਲ੍ਹਾ ਬਣਿਆ: ਹਾਂਸੀ, ਫਤਿਹਾਬਾਦ ਅਤੇ ਸਿਰਸਾ ਹਿਸਾਰ ਅਧੀਨ ਆ ਗਏ।

ਹਰਿਆਣਾ ਗਠਨ (1966): ਹਿਸਾਰ ਸਭ ਤੋਂ ਵੱਡਾ ਜ਼ਿਲ੍ਹਾ ਹੈ।

ਹਿਸਾਰ ਦਾ ਪੁਨਰਗਠਨ:

1972 – ਭਿਵਾਨੀ ਵੱਖ ਹੋਇਆ।


1975 – ਸਿਰਸਾ ਵੱਖ ਹੋਇਆ।

1997 – ਫਤਿਹਾਬਾਦ ਵੱਖ ਹੋਇਆ।

2016 – ਚਰਖੀ ਦਾਦਰੀ ਵੱਖ ਹੋਇਆ

2025: ਹਾਂਸੀ ਨੂੰ ਨਵਾਂ ਜ਼ਿਲ੍ਹਾ ਬਣਾਉਣ ਦਾ ਐਲਾਨ।

ਮੰਗ ਦੀ ਮਿਆਦ: ਪਿਛਲੇ ਲਗਭਗ 10 ਸਾਲਾਂ ਤੋਂ ਨਿਰੰਤਰ ਅੰਦੋਲਨ






# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



GURDIP S SANDHU




**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899    (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS


hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK

**1003 Moffat Blvd, Manteca CA 95336**

# 209-239-1551

# TRUCK STOP

OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :
BALRAJ SINGH PANNU
541-942-0105

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810
33180 HWY 228 HALSEY, OR 97348

# "ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?


FARMERS INSURANCE

## ਨਵਨੀਤ ਕੌਰ
## INSURANCE AGENCY

------------- "ਤੁਹਾਡਾ ਸੁਆਗਤ ਹੈ" -------------

"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਹਾਂ, ਜਿਵੇਂ :

ਆਟੋ





ਹੋਮ



ਲਾਈਫ



ਵਪਾਰਕ ਇੰਸ਼ੋਰੈਂਸ



"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਹਾਂ!"

Get a free Quote



KANWALJIT SINGH
(Insurance Agent)

"ਸਾਡੇ ਨਾਲ ਸੰਪਰਕ ਕਰੋ :

ਫ਼ੋਨ ਨੰਬਰ: (209) 672-4539

ਪਤਾ :- 17416 Murphy Pkwy, Lathrop, CA 95330

ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS ,
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# ਪੰਜਾਬੀ ਫਿਲਮਾਂ ਦੀ ਸੱਸ ਅਨੀਤਾ ਦੇਵਗਨ



ਅਜਿਹੇ ਬਹੁਤ ਘੱਟ ਖੁਸ਼ਕਿਸਮਤ ਕਲਾਕਾਰ ਹੁੰਦੇ ਹਨ ਜਿਨ੍ਹਾਂ ਦੀ ਅਦਾਕਾਰੀ ਅਤੇ ਉਹਨਾਂ ਦੁਆਰਾ ਨਿਭਾਏ ਰੋਲ ਉਹਨਾਂ ਦੀ ਪਛਾਣ ਬਣ ਜਾਂਦੇ ਹਨ। ਕੁੱਝ ਖ਼ਾਸ ਅਦਾਕਾਰ ਹੀ ਹੁੰਦੇ ਹਨ ਜੋ ਆਪਣੀ ਅਦਾਕਾਰੀ ਦੀ ਛਾਪ ਦਰਸ਼ਕਾਂ ਦੇ ਦਿਲਾਂ ਵਿੱਚ ਇਸ ਕ਼ਦਰ ਛੱਡ ਦਿੰਦੇ ਹਨ ਕਿ ਦਰਸ਼ਕ ਉਹਨਾਂ ਦੇ ਅਸਲ ਨਾਂ ਨੂੰ ਭੁੱਲ ਕੇ ਉਹਨਾਂ ਦੇ ਅਦਾਕਾਰੀ ਵਾਲੇ ਨਾਮ ਨੂੰ ਸਦਾ ਲਈ ਜ਼ਿਹਨ ਵਿੱਚ ਵਸਾ ਲੈਂਦੇ ਹਨ।ਚਾਚੀ ਅਤਰੋ ਨਾਲ ਮਸ਼ਹੂਰ ਸਰੂਪ ਪਰਿੰਦਾ,ਨਿਰਮਲ ਰਿਸ਼ੀ ਗੁਲਾਬੋ ਮਾਸੀ ਵਜੋਂ ਅਤੇ ਇਸੇ ਹੀ ਲੜੀ ਨੂੰ ਅੱਗੇ ਤੋਰਦਿਆਂ ਅਜੋਕੇ ਸਮੇਂ ਵਿੱਚ ਸੱਸ ਦੇ ਰੂਪ ਵਿੱਚ ਅਨੀਤਾ ਦੇਵਗਨ ਨੇ ਦਰਸ਼ਕਾਂ ਨਾਲ ਡੂੰਘੀ ਸਾਂਝ ਬਣਾ ਲਈ ਹੈ।

18 ਮਾਰਚ 1975 ਨੂੰ ਅਮ੍ਰਿਤਸਰ ਵਿੱਚ ਜਨਮੀ ਅਨੀਤਾ ਦੇਵਗਨ ਨੂੰ ਸਕੂਲੀ ਸਮੇਂ ਤੋਂ ਹੀ ਐਕਟਿੰਗ ਦਾ ਬਹੁਤ ਸ਼ੌਕ ਸੀ।ਸਕੂਲ ਵਿੱਚ ਹੁੰਦੇ ਸੱਭਿਆਚਾਰ ਪ੍ਰੋਗਰਾਮ ਅਤੇ ਉਸ ਤੋਂ ਬਾਅਦ ਕਾਲਜ਼ ਦੇ ਸੱਭਿਆਚਾਰ ਮੁਕਾਬਲਿਆਂ ਨੇ ਉਸ ਦੀ ਅਦਾਕਾਰੀ ਨੂੰ ਥੀਏਟਰ ਵੱਲ ਆਉਣ ਲਈ ਪ੍ਰੇਰਿਤ ਕੀਤਾ।1990 ਦੇ ਦਹਾਕੇ ਵਿੱਚ ਥੀਏਟਰ ਤੋਂ ਆਪਣੀ ਅਦਾਕਾਰੀ ਦੀ ਸ਼ੁਰੂਆਤ ਕਰਨ ਵਾਲੀ ਅਨੀਤਾ ਦੇਵਗਨ ਨੇ ਜਲੰਧਰ ਦੂਰਦਰਸ਼ਨ ਤੇ ਆਪਣਾ ਪਹਿਲਾ ਸੀਰੀਅਲ ਪੰਚਨੀ ਕੀਤਾ ਜਿਸਨੂੰ ਦਰਸ਼ਕਾਂ ਨੇ ਭਰਪੂਰ ਪਿਆਰ ਦਿੱਤਾ।ਇਸ ਤੋਂ ਬਾਅਦ ਜਲੰਧਰ ਦੂਰਦਰਸ਼ਨ ਤੇ ਹੋਰ ਸੀਰੀਅਲ ਜਿਵੇਂ ਲੋਰੀ ਅਤੇ ਹਕੀਮ ਤਾਰਾ ਚੰਦ ਕਰਦੇ ਹੋਏ 2008 ਵਿੱਚ ਪੰਜਾਬੀ ਫ਼ਿਲਮ ਹਸ਼ਰ ਏ ਲਵ ਸਟੋਰੀ ਵਿੱਚ ਅਦਾਕਾਰੀ ਨਾਲ ਦਰਸ਼ਕਾਂ ਦੇ ਮਨਾਂ ਤੇ ਡੂੰਘੀ ਛਾਪ ਛੱਡੀ।ਇਸ ਤੋਂ ਬਾਅਦ ਅਨੀਤਾ ਦੇਵਗਨ ਦੀ ਅਦਾਕਾਰੀ ਦੀਆਂ ਧੂੰਮਾਂ ਚਾਰੇ ਪਾਸੇ ਪੈ ਗਈਆਂ ਅਤੇ ਪੰਜਾਬੀ ਸਿਨੇਮਾ ਵਿੱਚ ਇੱਕ ਤੋਂ ਬਾਅਦ ਇੱਕ ਬਿਹਤਰੀਨ ਫ਼ਿਲਮਾਂ ਦਿੱਤੀਆਂ। ਅਨੀਤਾ ਦੇਵਗਨ ਨੇ ਪੰਜਾਬਣ ਲਵ ਰੂਲਜ ਹਾਰਟਸ,ਜੱਟ ਐਂਡ ਜੂਲੀਅਟ, ਜੱਟ ਐਂਡ ਜੂਲੀਅਟ 2, ਫੇਰ ਮਾਮਲਾ ਗੜਬੜ ਗੜਬੜ, ਰੋਂਦੇ ਸਾਰੇ ਵਿਆਹ ਪਿੱਛੋਂ,ਪਰੋਪਰ ਪਟੋਲਾ,ਜੱਜ ਸਿੰਘ ਐੱਲ. ਐੱਲ. ਬੀ, ਕਪਤਾਨ,ਬੰਬੂਕਾਟ,ਠੱਗ ਲਾਈਫ,ਗੋਲਕ ਬੁਗਨੀ ਬੈਂਕ ਤੇ ਬਟੂਆ,ਕਾਲਾ ਸ਼ਾਹ ਕਾਲਾ,ਜੱਦੀ ਸਰਦਾਰ,ਪੁਆੜਾ, ਮੈਰਿਜ਼ ਪੈਲੇਸ,ਜੀ ਵਾਈਫ਼ ਜੀ,ਤੀਜਾ ਪੰਜਾਬ,ਮਿਸਟਰ ਐਂਡ ਮਿਸਿਜ਼ 420 ਰਿਟਰਨਜ,ਨੀ ਮੈਂ ਸੱਸ ਕੁੱਟਣੀ ਅਤੇ ਨੀ ਮੈਂ ਸੱਸ ਕੁੱਟਣੀ -2 ਰਾਹੀਂ ਆਪਣੀ ਅਦਾਕਾਰੀ ਦਾ ਲੋਹਾ ਪੂਰੇ ਸਿਨੇਮਾ ਜਗਤ ਨੂੰ ਮਨਵਾਇਆ।ਨੀ ਮੈਂ ਸੱਸ ਕੁੱਟਣੀ ਭਾਗ ਪਹਿਲਾ ਅਤੇ ਭਾਗ ਦੂਜੇ ਵਿੱਚ ਕੀਤੇ ਸੱਸ ਦੇ ਰੋਲ ਨੂੰ ਤਾਂ ਦਰਸ਼ਕਾਂ ਨੇ ਇਸ ਕ਼ਦਰ ਪਸੰਦ ਕੀਤਾ ਕਿ ਅਜੋਕੇ ਸਮੇਂ ਵਿੱਚ ਉਹ ਸੱਚ ਮੁੱਚ ਹੀ ਪੰਜਾਬੀ ਫ਼ਿਲਮਾਂ ਦੀ ਸੱਸ ਬਣ ਚੁੱਕੀ ਹੈ। ਆਪਣੇ ਪਤੀ ਹਰਦੀਪ ਗਿੱਲ ਨਾਲ ਮਿਲਕੇ ਉਸਨੇ ਸਾਫ਼ ਸੁਥਰੀ ਅਤੇ ਪਰਿਵਾਰਕ ਕਮੇਡੀ ਰਾਹੀਂ ਸਮਾਜ਼ ਦੀਆਂ ਬੁਰਾਈਆਂ ਤੇ ਚੋਟ ਕਰਕੇ ਇੱਕ ਜੁੱਟ ਹੋਣ ਦਾ ਹੋਕਾ ਦਿੱਤਾ।

ਨੀ ਮੈਂ ਸੱਸ ਕੁੱਟਣੀ ਭਾਗ ਪਹਿਲੇ ਅਤੇ ਭਾਗ ਦੂਜੇ ਵਿੱਚ ਸੱਸ ਬਣ ਕੇ ਉਸਨੇ ਸੰਦੇਸ਼ ਦਿੱਤਾ ਕਿ ਜ਼ਰੂਰੀ ਨਹੀਂ ਕਿ ਸੱਸ ਹਮੇਸ਼ਾ ਬੁਰੀ ਹੀ ਹੋਵੇ ਜ਼ੇਕਰ ਸੱਸ ਅਤੇ ਨੂੰਹ ਇੱਕ ਦੂਜੇ ਨੂੰ ਸਮਝਣ ਤਾਂ ਮਾਂ ਧੀ ਬਣ ਕੇ ਵੀ ਰਹਿ ਸਕਦੀਆਂ ਹਨ। ਅਨੀਤਾ ਦੇਵਗਨ ਦੀ ਅਦਾਕਾਰੀ ਦੇਖਦੇ ਹੋਏ ਕਦੇ ਇਹ ਲੱਗਦਾ ਹੀ ਨਹੀਂ ਕਿ ਉਹ ਐਕਟਿੰਗ ਕਰ ਰਹੇ ਹਨ। ਉਹ ਮਿਲੇ ਕਿਰਦਾਰ ਵਿੱਚ ਆਪਣੇ ਆਪ ਨੂੰ ਪੂਰੀ ਤਰ੍ਹਾਂ ਢਾਲ ਲੈਂਦੇ ਹਨ।ਅਨੀਤਾ ਦੇਵਗਨ ਦੇ ਡਾਇਲਾਗ ਬੋਲਣ ਦਾ ਫਲੋਅ ਜਸਵਿੰਦਰ ਭੱਲੇ ਵਰਗਾ ਹੈ। ਬਿਨਾਂ ਕਿਸੇ ਅੜਚਣ ਅਤੇ ਰੋਕ ਟੋਕ ਦੇ ਇਸ ਕ਼ਦਰ ਬੋਲਦੇ ਹਨ ਕਿ ਹੱਸ ਹੱਸ ਕੇ ਦਰਸ਼ਕਾਂ ਦੇ ਢਿੱਡੀਂ ਪੀੜਾਂ ਅਤੇ ਅੱਖਾਂ ਵਿੱਚ ਹੰਝੂ ਆ ਜਾਂਦੇ ਹਨ।ਆਪਣੀ ਬਿਹਤਰੀਨ ਅਦਾਕਾਰੀ ਲਈ ਅਨੀਤਾ ਦੇਵਗਨ ਨੂੰ ਕਈ ਪੁਰਸਕਾਰਾਂ ਨਾਲ ਵੀ ਨਿਵਾਜਿਆ ਜਾ ਚੁੱਕਾ ਹੈ ਜਿਸ ਵਿੱਚ 2020 ਦਾ ਪੀ ਟੀ ਸੀ ਪੰਜਾਬੀ ਫ਼ਿਲਮ ਐਵਾਰਡ ਸਭ ਤੋਂ ਵਧੀਆ ਸਹਾਇਕ ਅਦਾਕਾਰਾ ਲਈ ਅਤੇ ਸਭ ਤੋਂ ਵਧੀਆ ਅਦਾਕਾਰਾ ਲਈ ਵਿਰਾਸਤ ਇੰਟਰਨੈਸ਼ਨਲ ਪੰਜਾਬੀ ਫ਼ਿਲਮ ਐਵਾਰਡ ਸ਼ਾਮਿਲ ਹਨ। ਅਨਿਤਾ ਦੇਵਗਨ ਦੀ ਅਦਾਕਾਰੀ ਤੋਂ ਬਿਨਾਂ ਪੰਜਾਬੀ ਫ਼ਿਲਮਾਂ ਅਧੂਰੀਆਂ ਹਨ।ਥੀਏਟਰ ਅਤੇ ਨੁੱਕੜ ਨਾਟਕਾਂ ਤੋਂ ਸ਼ੁਰੂ ਕਰਕੇ ਇੱਕ ਲੰਮਾਂ ਪੈਂਡਾ ਤੈਅ ਕਰਨ ਵਾਲੀ ਅਨੀਤਾ ਦੇਵਗਨ ਉਹਨਾਂ ਨੌਜਵਾਨਾਂ ਲਈ ਰਾਹ ਦਸੇਰਾ ਹਨ ਜ਼ੋ ਰਾਤੋਂ ਰਾਤ ਸਟਾਰ ਬਣ ਦਾ ਸੋਚਦੇ ਹਨ। ਅਨੀਤਾ ਦੇਵਗਨ ਦੀ ਸਫ਼ਲਤਾ ਇਹ ਸ਼ਾਹਦੀ ਭਰਦੀ ਹੈ ਕਿ ਸਫ਼ਲਤਾ ਇੱਕ ਦਿਨ ਵਿੱਚ ਨਹੀਂ ਮਿਲਦੀ ਪ੍ਰੰਤੂ ਇੱਕ ਨਾ ਇੱਕ ਦਿਨ ਜ਼ਰੂਰ ਮਿਲਦੀ ਹੈ।ਕੋਈ ਵੀ ਪਗਡੰਡੀ ਰਾਤੋਂ ਰਾਤ ਸ਼ਾਹ ਰਾਹ ਨਹੀਂ ਬਣ ਜਾਂਦੀ। ਸਫ਼ਲ ਹੋਣ ਦਾ ਕੋਈ ਸਾਹਟਕੱਟ ਨਹੀਂ, ਲਗਾਤਾਰ ਮਿਹਨਤ ਅਤੇ ਜਜ਼ਬੇ ਨਾਲ ਹੀ ਸਫ਼ਲਤਾ ਹਾਸਿਲ ਹੁੰਦੀ ਹੈ।ਆਪਣੀ ਅਦਾਕਾਰੀ ਨਾਲ ਛਾਪ ਛੱਡਣ ਵਾਲੀ ਅਨੀਤਾ ਦੇਵਗਨ ਦੀ ਲੰਮੀ ਉਮਰ ਅਤੇ ਚੰਗੀ ਸਿਹਤ ਦੀ ਅਰਦਾਸ ਕਰਦੇ ਹੋਏ ਸਮੁੱਚੇ ਦਰਸ਼ਕ ਵਰਗ ਨੂੰ ਭਵਿੱਖ ਵਿੱਚ ਵੀ ਉਹਨਾਂ ਤੋਂ ਕਾਮੇਡੀ ਅਤੇ ਸਮਾਜ਼ ਨੂੰ ਸੇਧ ਦੇਣ ਵਾਲੀਆਂ ਅਜਿਹੀਆਂ ਹੋਰ ਬਿਹਤਰੀਨ ਫ਼ਿਲਮ ਦੀ ਉਡੀਕ ਰਹੇਗੀ।



ਰਜਵਿੰਦਰ ਪਾਲ ਸ਼ਰਮਾ
ਪਿੰਡ ਕਾਲਝਰਾਣੀ
ਡਾਕਖਾਨਾ ਚੱਕ ਅਤਰ ਸਿੰਘ ਵਾਲਾ
ਤਹਿ ਅਤੇ ਜ਼ਿਲ੍ਹਾ-ਬਠਿੰਡਾ
70873-67969




Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**

Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# TAKE CONTROL OF YOUR HEALTH!

PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

# ਚੁੱਪ ਤੁਹਾਡੇ ਖ਼ਿਲਾਫ਼

"ਸਾਓ" ਬਣੇ ਰਹਿਣ ਵਾਲੇ
ਵਿਅਕਤੀਆਂ ਲਈ ਘਾਤਕ ਹੈ
ਉਨ੍ਹਾਂ ਦੀ "ਚੁੱਪ"
ਕਿਉਂਕਿ ਉਨ੍ਹਾਂ ਲੋਕਾਂ ਲਈ ਇਹ
ਉਹ ਚੁੱਪ ਹੈ !
ਜਿਹੜੀ ਇੱਕ ਦਿਨ ਬਿਨਾਂ ਦੱਸੇ
ਤੁਹਾਡੇ ਹੀ ਵਿਰੁੱਧ ਖੜ੍ਹੀ ਹੋ ਜਾਵੇਗੀ।
ਜਿਸਦਾ ਉਨ੍ਹਾਂ ਨੂੰ ਅਹਿਸਾਸ
ਤੱਕ ਨਹੀਂ ਹੋਵੇਗਾ।
ਸਾਓ ! ਸੱਭਿਅਕ ! ਚੁੱਪ ਲੋਕੋ !
ਕੀ ਤੁਸੀਂ ਸਭ ਇਹੀ ਚਾਹੁੰਦੇ ਹੋ ?
ਕਿ ਸੱਤਾ ਦੇ ਕੁਰਸੀ "ਤੇ ਬੈਠੇ
ਹੋਏ ਹੈਵਾਨਾਂ ਦੇ,
ਕਾਰਨਾਮਿਆਂ ਨੂੰ.....
ਤੁਹਾਡੀ ਚੁੱਪ ਦਾ ਪਰਦਾ ਇੰਜ
ਹੀ ਢੱਕਦਾ ਰਹੇ.?
ਹੈਵਾਨ ਜਿਹੜੇ ਤੁਹਾਨੂੰ ਰੱਜ ਕੇ
ਲੁੱਟਦੇ/ਕੁੱਟਦੇ ਨੇ
ਫਿਰ ਇਹੀ ਹੈਵਾਨ ਆਪਣੀਆਂ
ਰੈਲੀਆਂ/ ਭਾਸ਼ਣਾ ਵਿੱਚ
ਤੁਹਾਡੇ ਚੁੱਪ ਦੀ ਤਾਰੀਫ਼ ਕਰਦੇ
ਨਹੀਂ ਥੱਕ ਦੇ।
ਲੋਕੀਂ ਕਹਿੰਦੇ ਕਿ ਚੁੱਪ ਦੇ ਅਰਥ
ਸੁੱਖ, ਸਬਰ ਵੀ ਹੁੰਦੇ ਨੇ
ਹੁੰਦੇ ਹੋਣਗੇ ਹੋਰਨਾਂ ਦੇਸ਼ਾਂ ਵਿੱਚ,
ਪਰ ਸਾਡੇ ਦੇਸ਼ ਵਿੱਚ ਤਾਂ.....
ਸੁੱਖ ਦੇ ਅਰਥ ਜ਼ਿਆਦਾਤਰ
ਸਜ਼ਾ ਹੀ ਹੁੰਦੇ ਨੇ।

ਸਨੀ ਵਰਮਾ
ਪਿੰਡ ਚਕੋਹੀ ਤਹਿਸੀਲ ਖੰਨਾ
ਜ਼ਿਲ੍ਹਾ ਲੁਧਿਆਣਾ
+9162398-15585

# ਉਏ ਮੇਰੇ ਸਾਊ ਲੋਕੋ

ਬਹੁਤੀ ਦੇਰ ਚੁੱਪ ਨੂੰ ਦੇਹ
ਅੰਦਰ ਡੱਕ ਕੇ ਰੱਖਣ ਨਾਲ
ਚੁੱਪ, ਚੁੱਪ ਨਹੀਂ ਰਹਿੰਦੀ,
ਸਗੋਂ ਇੱਕ ਪਾਸੜ ਸਮਝੌਤਾ
ਬਣ ਜਾਂਦੀ ਹੈ।
ਇਸ ਤਰ੍ਹਾਂ ਨਾਲ ਗੁਲਾਮੀ
ਖਰੀਦ ਲੈਂਦੀ ਹੈ
ਚੁੱਪ ਹੋਏ, ਲੋਕਾਂ ਦੀ ਸਾਰੀ ਹੀ
ਆਜ਼ਾਦੀ।
ਜਦੋਂ ਤੁਸੀਂ ਹੱਕ/ਸੱਚ ਲਈ
ਗੂੰਗੇ ਬਣੇ ਰਹਿੰਦੇ ਹੋ
ਤਾਂ ਤੁਸੀਂ ਹਾਕਮ ਲਈ ਇੱਕ,
ਮਾਰੂ, ਘਾਤਕ ਹਥਿਆਰ ਬਣ
ਜਾਂਦੇ ਹੋ।
ਉਠੋ, ਬੋਲੋ, ਜਾਗੋ ਸਾਥਿਓ
ਕਿਉਂਕਿ ਜੇ ਤੁਸੀਂ ਚੁੱਪ ਹੀ ਰਹੇ
ਤਾਂ ਤੁਹਾਡੀ ਆਵਾਜ਼....
ਇਤਿਹਾਸ ਦੇ ਪੰਨਿਆਂ ਵਿੱਚ,
ਸਦਾ ਦੇ ਲਈ ਗੁੰਮ ਹੋ ਜਾਵੇਗੀ
ਬਾਕੀ ਰਹਿ ਜਾਏਗੀ ਤੁਹਾਡੀ
ਖਾਮੋਸ਼ੀ ਦੀ ਕਬਰ।
ਜੇ ਤੁਸੀਂ ਇੰਜ ਹੀ ਚੁੱਪ ਰਹੇ ਤਾਂ
ਤੁਹਾਡੀ ਇਹ ਚੁੱਪੀ,
ਆਉਣ ਵਾਲੇ ਭਵਿੱਖ ਨੂੰ
ਨਿਪੁੰਸਕ ਬਣਾ ਦੇਵੇਗੀ।

ਸਨੀ ਵਰਮਾ
ਪਿੰਡ ਚਕੋਹੀ ਤਹਿਸੀਲ
ਖੰਨਾ
ਜ਼ਿਲ੍ਹਾ ਲੁਧਿਆਣਾ
+9162398-15585

LARRY T. NIERMEYER



Attorney at Law

OFFERING SERVICES IN
THE FOLLOWING AREAS



1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation



PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ



- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

jvslogisticsllc@outlook.com

JUGDEV SAMRA (317) 379-4065

SUKHDEV SAMRA (317) 250-3545

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


NOW OPEN
NOW OPEN
Tandoori FLAVORS
MARINATE MEAT SHOP
ਮੇਰੀਨੇਟ ਮੀਟ ਸ਼ੋਪ
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
''ਅਸੀਂ ਆਪਣੇ ਖਾਣੇ 'ਚ ਫੂਡ-ਕਲਰ ਨਹੀਂ ਵਰਤਦੇ।''
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com

GHUMAN LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

ਸਾਂਝੀ ਸੋਚ

SANJHI SOCH TV & DAILY NEWSPAPER

TO EXPAND YOUR BUSINESS IN INDIAN COMMUNITY

Through Newspaper & T.V, Advertise with us just as low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com Sanjhi Soch TV NRI

SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260